ਜਨਰਲ ਇਜਲਾਸ ਨੇ ਪਾਕਿਸਤਾਨ 'ਚ ਪੰਜਾਬ ਦੀ ਨਵੀਂ ਬਣੀ ਮੁੱਖ ਮੰਤਰੀ ਮਰੀਅਮ ਨਵਾਜ਼ ਵੱਲੋਂ ਸੂਬੇ ਦੇ ਸਕੂਲਾਂ ਵਿੱਚ ਪੰਜਾਬੀ ਪੜ੍ਹਾਉਣ ਸਬੰਧੀ ਕੀਤੇ ਐਲਾਨ ਦਾ ਸਵਾਗਤ ਕੀਤਾ ਅਤੇ ਪਾਕਿਸਤਾਨ ਸਰਕਾਰ ਨੂੰ ਉਥੇ ਸਥਿਤ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀਆਂ ਜਾਇਦਾਦਾਂ 'ਤੇ ਹੋਏ ਨਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਲਈ ਵੀ ਆਖਿਆ। ਕਿਹਾ ਗਿਆ ਕਿ ਪਾਕਿਸਤਾਨ ਅੰਦਰ ਵੱਡੀ ਗਿਣਤੀ ਵਿਚ ਸਿੱਖ ਵਿਰਾਸਤ ਗੁਰੂ ਸਾਹਿਬਾਨ ਦੀਆਂ ਨਿਸ਼ਾਨੀਆਂ ਵਜੋਂ ਮੌਜੂਦ ਹੈ, ਜਿਨ੍ਹਾਂ ਦਾ ਠੀਕ ਢੰਗ ਨਾਲ ਰੱਖ-ਰਖਾਅ ਪਾਕਿਸਤਾਨ ਸਰਕਾਰ ਦੀ ਜ਼ੁੰਮੇਵਾਰੀ ਹੈ। ਪਾਕਿਸਤਾਨ ਅੰਦਰ ਸਿੱਖ ਵਿਰਾਸਤ ਦੀ ਸਾਂਭ-ਸੰਭਾਲ ਵਾਸਤੇ ਸਿੱਖ ਸੰਸਥਾ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦੀ ਵੀ ਵਚਨਬੱਧਤਾ ਪ੍ਰਗਟਾਈ ਗਈ।

ਜਨਰਲ ਇਜਲਾਸ ਨੇ ਇਕ ਮਤੇ ਰਾਹੀਂ ਪੰਜਾਬ ਤੋਂ ਬਾਹਰਲੇ ਸੂਬਿਆਂ 'ਚ ਸਿੱਖ ਕੌਮ ਦੇ ਇਤਿਹਾਸਕ ਅਸਥਾਨਾਂ ਨਾਲ ਸਬੰਧਤ ਲਟਕਦੇ ਆ ਰਹੇ ਮਾਮਲਿਆਂ ਦੇ ਤੁਰੰਤ ਹੱਲ ਦੀ ਭਾਰਤ ਤੇ ਸਬੰਧਤ ਸੂਬਿਆਂ ਦੀਆਂ ਸਰਕਾਰਾਂ ਤੋਂ ਮੰਗ ਕੀਤੀ। ਇਨ੍ਹਾਂ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਗਿਆਨ ਗੋਦੜੀ ਸਾਹਿਬ ਹਰਿ ਕੀ ਪਾਉੜੀ ਹਰਿਦੁਆਰ (ਉਤਰਾਖੰਡ), ਗੁਰਦੁਆਰਾ ਡਾਂਗਮਾਰ ਸਾਹਿਬ ਤੇ ਗੁਰਦੁਆਰਾ ਸਾਹਿਬ ਚੁੰਗਥਾਂਗ (ਸਿੱਕਮ), ਗੁਰਦੁਆਰਾ ਬਾਵਲੀ ਮੱਠ, ਮੰਗੂ ਮੱਠ ਤੇ ਪੰਜਾਬੀ ਮੱਠ ਜਗਨਨਾਥਪੁਰੀ (ਉੜੀਸਾ) ਅਤੇ ਗੁਰਦੁਆਰਾ ਤਪੋਸਥਾਨ ਗੁਰੂ ਨਾਨਕ ਦੇਵ ਜੀ ਮੇਚੁਕਾ ਅਰੁਨਾਚਲ ਪ੍ਰਦੇਸ਼ ਦੇ ਮਾਮਲੇ ਸ਼ਾਮਲ ਹਨ, ਜਿਨ੍ਹਾਂ ਸਬੰਧੀ ਲਗਾਤਾਰ ਅਵਾਜ਼ ਉਠਾਈ ਜਾ ਰਹੀ ਹੈ। ਮਤੇ ਰਾਹੀਂ ਮੰਗ ਕੀਤੀ ਗਈ ਕਿ ਸਿੱਖ ਗੁਰੂ ਸਾਹਿਬਾਨ ਦੀ ਯਾਦਗਾਰ ਵਜੋਂ ਸੁਸ਼ੋਭਿਤ ਉਕਤ ਅਸਥਾਨਾਂ ਬਾਰੇ ਸਰਕਾਰ ਵੱਲੋਂ ਸਾਰਥਿਕ ਪਹੁੰਚ ਅਪਣਾਈ ਜਾਵੇ, ਤਾਂ ਜੋ ਸਿੱਖ ਕੌਮ ਆਪਣੇ ਪਾਵਨ ਅਸਥਾਨਾਂ ਦੀ ਸੇਵਾ ਸੰਭਾਲ ਪੰਥਕ ਭਾਵਨਾਵਾਂ ਅਨੁਸਾਰ ਕਰ ਸਕੇ।

ਇਕ ਮਤੇ ਰਾਹੀਂ ਗੁਰੂ ਸਾਹਿਬਾਨ ਦੇ ਨਾਂ 'ਤੇ ਵੱਸਦੇ ਪੰਜਾਬ ਅੰਦਰ ਨਸ਼ਿਆਂ ਦੇ ਵਰਤਾਰੇ 'ਤੇ ਵੱਡੀ ਚਿੰਤਾ ਪ੍ਰਗਟਾਉਂਦਿਆਂ ਪੰਜਾਬ ਸਰਕਾਰ ਨੂੰ ਨਸ਼ਿਆਂ ਦੀ ਰੋਕਥਾਮ ਲਈ ਢੁੱਕਵੇਂ ਕਦਮ ਚੁੱਕਣ ਲਈ ਆਖਿਆ ਗਿਆ। ਮਤੇ ਰਾਹੀਂ ਪੰਜਾਬ ਦੇ ਲੋਕਾਂ ਅਤੇ ਖਾਸਕਰ ਨੌਜੁਆਨਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੇ ਮਾਰੂ ਵਰਤਾਰੇ ਵਿਰੁੱਧ ਸੰਗਠਤ ਹੋ ਕੇ ਇਸ ਨੂੰ ਠੱਲ੍ਹ ਪਾਉਣ ਲਈ ਜ਼ੁੰਮੇਵਾਰੀ ਨਿਭਾਉਣ।

ਜਨਰਲ ਇਜਲਾਸ ਨੇ ਇਕ ਮਤੇ ਵਿਚ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਿੱਖਾਂ ਵਿਰੁੱਧ ਸੰਗਠਤ ਤੌਰ 'ਤੇ ਕੀਤੇ ਜਾ ਰਹੇ ਸਾਜ਼ਿਸ਼ੀ ਅਤੇ ਨਫ਼ਰਤੀ ਪ੍ਰਚਾਰ ਨੂੰ ਰੋਕਣ ਲਈ ਸਰਕਾਰਾਂ ਨੂੰ ਆਪਣੀ ਜ਼ੁੰਮੇਵਾਰੀ ਨਿਭਾਉਣ ਲਈ ਆਖਿਆ। ਕਿਹਾ ਗਿਆ ਕਿ ਕੁਝ ਲੋਕ ਮਿੱਥ ਕੇ ਸਿੱਖਾਂ ਵਿਰੁੱਧ ਕੂੜ ਪ੍ਰਚਾਰ ਕਰ ਰਹੇ ਹਨ। ਇਸ ਸਭ ਲਈ ਸੋਸ਼ਲ ਮੀਡੀਆ ਨੂੰ ਹਥਿਆਰ ਦੀ ਤਰ੍ਹਾਂ ਵਰਤਿਆ ਜਾ ਰਿਹਾ ਹੈ, ਪਰ ਸਰਕਾਰਾਂ ਚੁੱਪਚਾਪ ਵੇਖ ਰਹੀਆਂ ਹਨ। ਦੇਸ਼ ਅੰਦਰ ਹਰ ਧਰਮ ਦੇ ਸਤਿਕਾਰ ਨੂੰ ਯਕੀਨੀ ਬਣਾਈ ਰੱਖਣ ਲਈ ਕੇਂਦਰ ਸਰਕਾਰ ਤੋਂ ਸੋਸ਼ਲ ਮੀਡੀਆ ਦੇ ਅਜਿਹੇ ਖ਼ਾਤਿਆਂ ਦੀ ਨਜ਼ਰਸਾਨੀ ਕਰਨ ਦੀ ਮੰਗ ਕੀਤੀ ਗਈ। ਇਸ ਮਤੇ ਰਾਹੀਂ ਸਿੱਖ ਕੌਮ ਨੂੰ ਵੀ ਅਪੀਲ ਕੀਤੀ ਗਈ ਕਿ ਸੋਸ਼ਲ ਮੀਡੀਆ ਉੱਪਰ ਧਾਰਮਿਕ ਅਤੇ ਕੌਮੀ ਮਾਮਲਿਆਂ 'ਤੇ ਕੋਈ ਵੀ ਟਿੱਪਣੀ ਕਰਨ ਸਮੇਂ ਇਹ ਜ਼ਰੂਰ ਖ਼ਿਆਲ ਰੱਖਿਆ ਜਾਵੇ ਕਿ ਉਸ ਨਾਲ ਸਿੱਖ ਇਤਿਹਾਸ, ਸਿਧਾਂਤਾਂ, ਰਹਿਤ ਮਰਯਾਦਾ ਤੇ ਨਾਲ-ਨਾਲ ਕਿਸੇ ਦੀਆਂ ਭਾਵਨਾਵਾਂ ਨੂੰ ਸੱਟ ਨਾ ਵੱਜੇ।

ਇਸ ਤੋਂ ਇਲਾਵਾ ਬੀਤੇ ਸਮੇਂ 'ਚ ਅਕਾਲ ਚਲਾਣਾ ਕਰ ਗਏ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਬਲਵੰਤ ਸਿੰਘ ਨੰਦਗੜ੍ਹ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਵੀਰ ਕੌਰ ਦਾਤੇਵਾਸ, ਜਥੇਦਾਰ ਕੁਲਦੀਪ ਸਿੰਘ ਤੇੜਾ ਅਤੇ ਪੰਥ ਪ੍ਰਸਿੱਧ ਕਥਾਵਾਚਕ ਭਾਈ ਪਿੰਦਰਪਾਲ ਸਿੰਘ ਦੀ ਮਾਤਾ ਬਲਬੀਰ ਕੌਰ ਨੂੰ ਸ਼ੋਕ ਮਤਿਆਂ ਰਾਹੀਂ ਸ਼ਰਧਾਜਲੀ ਭੇਟ ਕੀਤੀ ਗਈ।

## ਕਿਸਾਨੀ ਮੰਗਾਂ ਸਬੰਧੀ ਖੇਤੀਬਾੜੀ ਮੰਤਰੀ ਅਤੇ

# ਹਲਕਾ ਵਿਧਾਇਕਾ ਨਾਲ ਹੋਈ ਭਾਕਿਯੂ ਉਗਰਾਹਾਂ ਦੀ ਮੀਟਿੰਗ





**ਤਲਵੰਡੀ ਸਾਬੋ, 29 ਮਾਰਚ (ਗੁਰਜੰਟ ਸਿੰਘ ਨਥੇਹਾ)**- ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਠਿੰਡਾ ਵੱਲੋਂ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਦੀ ਅਗਵਾਈ ਵਿੱਚ ਖੇਤੀਬਾੜੀ ਮੰਤਰੀ ਪੰਜਾਬ ਸਰਕਾਰ ਅਤੇ ਲੋਕ ਸਭਾ ਹਲਕਾ ਬਠਿੰਡਾ ਤੋਂ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਨਾਲ ਪਿਛਲੇ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਸਬੰਧੀ ਅੱਜ ਮੀਟਿੰਗ ਹੋਈ ਤੇ ਇਸ ਤੋਂ ਪਹਿਲਾਂ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨਾਲ ਵੀ ਮੁਲਾਕਾਤ ਹੋਈ ਜਿਸ ਦੌਰਾਨ ਕਿਸਾਨੀ ਮੰਗਾਂ 'ਤੇ ਚਰਚਾ ਹੋਈ ਅਤੇ ਇਹਨਾਂ ਮੰਗਾਂ ਨੂੰ ਤੁਰੰਤ ਹੱਲ ਕਰਾਉਣ ਦੀ ਮੰਗ ਕੀਤੀ। ਇਸ ਸਬੰਧੀ ਮੰਤਰੀ ਅਤੇ ਹਲਕਾ ਵਿਧਾਇਕਾ ਨੇ ਮੰਗਾਂ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ 4 ਅਪ੍ਰੈਲ ਨੂੰ ਡੀਸੀ ਬਠਿੰਡਾ ਨਾਲ ਮੀਟਿੰਗ ਤੈਅ ਕੀਤੀ ਗਈ ਹੈ।

ਜਿਲਾ ਆਗੂਆਂ ਨੇ ਕਿਹਾ ਕਿ ਜੇਕਰ ਫਿਰ ਵੀ ਮਸਲਾ ਹੱਲ ਨਾ ਕੀਤਾ ਤਾਂ ਆਉਂਦੇ ਦਿਨਾਂ ਵਿੱਚ ਪੰਜਾਬ ਸਰਕਾਰ ਕਿਸਾਨਾਂ ਦੇ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਅੱਜ ਦੀ ਮੀਟਿੰਗ ਵਿੱਚ ਹਰਜਿੰਦਰ ਸਿੰਘ ਬੱਗੀ, ਬਸੰਤ ਸਿੰਘ ਕੋਠਾ ਗੁਰੂ, ਦਰਸ਼ਨ ਸਿੰਘ ਮਾਈਸਰਖਾਨਾ, ਜਗਦੇਵ ਸਿੰਘ ਜੋਗੇਵਾਲਾ, ਜਸਵੀਰ ਸਿੰਘ ਬੁਰਜ ਸੇਮਾ, ਜਗਸੀਰ ਸਿੰਘ ਝੁੰਬਾ ਅਤੇ ਬਲਾਕਾਂ ਦੇ ਆਗੂ ਸ਼ਾਮਿਲ ਸਨ।

## ਸਿਰਫ ਇਸ਼ਿਤਹਾਰਾਂ 'ਚ ਹੀ ਵਿਕਾਸ ਦਿਖਾਉਣ ਵਾਲਿਆਂ ਤੋਂ ਲੋਕ ਹੁਣ ਮੰਗਣਗੇ ਹਿਸਾਬ- ਗੁਰਬਾਜ਼ ਸਿੰਘ ਸਿੱਧੂ



**ਤਲਵੰਡੀ ਸਾਬੋ, 29 ਮਾਰਚ (ਗੁਰਜੰਟ ਸਿੰਘ ਨਥੇਹਾ)**- ਸੂਬੇ ਦੀਆਂ ਸੜਕਾਂ ਤੇ ਵੱਡੇ-ਵੱਡੇ ਬੈਨਰ ਅਤੇ ਇਸ਼ਿਤਹਾਰ ਲਾ ਕੇ ਪੰਜਾਬ 'ਚ ਰਿਕਾਰਡਤੋੜ ਵਿਕਾਸ ਕਰਵਾਉਣ ਦੇ ਦਾਅਵੇ ਕਰਨ ਵਾਲੀ ਸੱਤਾਧਿਰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਤੋਂ ਲੋਕ ਹੁਣ ਚੋਣਾਂ ਮੌਕੇ ਕਥਿਤ ਵਿਕਾਸ ਦਾ ਹਿਸਾਬ ਮੰਗਣਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਗੱਲਬਾਤ ਦੌਰਾਨ ਕੀਤਾ। ਸਿੱਧੂ ਜੋ ਕਿ ਮੁਹਤਬਰ ਆਗੂ ਲੀਲਾ ਸਿੰਘ ਮੈਨੂੰਆਣਾ ਦੇ ਘਰ ਉਨਾਂ ਦੇ ਪਿਤਾ ਮੁਕੰਦ ਸਿੰਘ ਦੇ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ ਤੇ ਵਿਸ਼ੇਸ ਤੌਰ 'ਤੇ ਦੁੱਖ ਪ੍ਰਗਟ ਕਰਨ ਪੁੱਜੇ ਹੋਏ ਸਨ ਨੇ ਗੱਲਬਾਤ ਦੌਰਾਨ ਕਿਹਾ ਕਿ ਸਮੁੱਚੇ ਪੰਜਾਬ ਵਾਂਗ ਹਲਕਾ ਤਲਵੰਡੀ ਸਾਬੋ ਚ 'ਆਪ' ਸਰਕਾਰ ਨੇ ਪਿਛਲੇ ਦੋ ਸਾਲਾਂ 'ਚ ਵਿਕਾਸ ਦੇ ਨਾਂ 'ਤੇ ਇੱਕ ਨਵੀਂ ਇੱਟ ਤੱਕ ਨਹੀ ਲਗਾਈ ਪਰ ਕਾਗਜ਼ੀ ਵਿਕਾਸ ਦਿਖਾਉਣ 'ਤੇ ਇਸ਼ਿਤਹਾਰਾਂ ਰਾਹੀਂ ਕਰੋੜਾਂ ਰੁਪਏ ਫੂਕ ਸੁੱਟੇ। ਉਨਾਂ ਕਿਹਾ ਕਿ ਹੁਣ ਜਦੋਂ ਸੱਤਾਧਿਰ ਦੇ ਆਗੂ ਲੋਕਾਂ ਤੋਂ ਵੋਟਾਂ ਮੰਗਣ ਆਉਣਗੇ ਤਾਂ ਜਿੱਥੇ ਬੀਬੀਆਂ ਉਨਾਂ ਤੋਂ ਹਜ਼ਾਰ ਰੁਪਿਆ ਪ੍ਰਤੀ ਮਹੀਨਾ ਦੇਣ ਦੇ ਵਾਇਦਿਆਂ ਬਾਰੇ ਪੁੱਛਣਗੀਆਂ ਉੱਥੇ ਪਿਛਲੇ ਦੋ ਸਾਲਾਂ ਤੋਂ ਸਮਾਜ ਭਲਾਈ ਦੀਆਂ ਸਾਰੀਆਂ ਸਕੀਮਾਂ ਠੱਪ ਪਈਆਂ ਹੋਣ ਬਾਰੇ ਵੀ ਆਗੂਆਂ ਨੂੰ ਜਵਾਬਦੇਹ ਹੋਣਾ ਪਵੇਗਾ।ਸਿੱਧੂ ਨੇ ਇਸ ਮੌਕੇ ਧਾਰਮਿਕ ਸਮਾਗਮਾਂ 'ਚ ਵੀ ਸ਼ਿਰਕਤ ਕੀਤੀ ਜਿੱਥੇ ਉਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨਾਂ ਨਾਲ ਸੀਨੀਅਰ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਗੁਰਜੀਵਨ ਸਿੰਘ ਗਾਟਵਾਲੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਰਾਮਾਂ, ਕੇਵਲ ਸਿੰਘ ਮਾਨ, ਹਰਪਾਲ ਗਾਟਵਾਲੀ, ਸੁੱਖੀ ਮੈਨੂੰਆਣਾ ਆਦਿ ਆਗੂ ਮੌਜੂਦ ਸਨ।

## ਖਾਲਸਾ ਅਕੈਡਮੀ ਮਹਿਤਾ ਦੀ ਵਿਦਿਆਰਥਣ ਨੂੰ

# ਭਾਰਤੀ ਜੂਨੀਅਰ ਹਾਕੀ ਟੀਮ ਵਿੱਚ ਚੋਣ ਤੇ ਕੀਤਾ ਸਨਮਾਨਿਤ



**ਚੌਕ ਮਹਿਤਾ, 29 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਵੱਲੋਂ ਹੋਣਹਾਰ ਵਿਦਿਆਰਥਨ ਜੈਸਿਕਦੀਪ ਕੌਰ ਨੂੰ ਭਾਰਤੀ ਜੂਨੀਅਰ ਹਾਕੀ ਟੀਮ ਦਾ ਹਿੱਸਾ ਬਣਨ ਤੇ ਖਾਲਸਾ ਅਕੈਡਮੀ ਵਿਖੇ ਸਨਮਾਨਿਤ ਕੀਤਾ ਗਿਆ। ਜੈਸਿਕਦੀਪ ਕੌਰ ਨੇ ਆਪਣੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਮਹਿਤਾ ਦੀ ਜੰਮਪਲ ਹੈ ਅਤੇ ਉਸਨੇ ਆਪਣੀ ਮੁੱਢਲੀ ਪੜ੍ਹਾਈ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਤੋਂ ਪੂਰੀ ਕੀਤੀ ਜਿੱਥੇ ਉਸਨੇ ਹਾਕੀ ਕੋਚ ਸਰਦਾਰ ਬਲਜਿੰਦਰ ਸਿੰਘ ਜੀ ਤੋਂ ਹਾਕੀ ਦੀ ਸਿੱਖਿਆ ਲੈ ਕੇ ਆਪਣੇ ਸਮੂਹ ਅਧਿਆਪਕਾਂ ਦਾ ਸਿਰ ਗੌਰਵ ਨਾਲ ਹੋਰ ਉੱਚਾ ਕੀਤਾ ਹੈ। ਜੈਸਿਕਦੀਪ ਕੌਰ ਇੰਨੀ ਦਿਨੀ ਬੈਂਗਲੋਰ ਕੈਂਪਸ ਵਿੱਚ ਸਿਖਲਾਈ ਪ੍ਰਾਪਤ ਕਰ ਰਹੀ ਹੈ ਅਤੇ ਭਵਿੱਖ ਵਿੱਚ ਉਹ ਨੀਦਰਲੈਂਡ ਵਿਖੇ ਆਪਣੀ ਹਾਕੀ ਖੇਡਣ ਦੀ ਕਲਾ ਦਾ ਪ੍ਰਦਰਸ਼ਨ ਕਰੇਗੀ। ਅੱਜ ਜੈਸਿਕਦੀਪ ਕੌਰ ਲੜਕੀਆਂ ਲਈ ਇੱਕ ਅਜਿਹਾ ਪ੍ਰੇਰਨਾਸਰੋਤ ਹੈ ਕਿ ਮਿਹਨਤ ਦੇ ਬਲ ਤੇ ਬੁਲੰਦੀਆਂ ਨੂੰ ਛੂਹਿਆ ਜਾ ਸਕਦਾ ਹੈ। ਇਸ ਮੌਕੇ ਦੌਰਾਨ ਗਿਆਨੀ ਸਾਹਿਬ ਸਿੰਘ ਜੀ, ਪ੍ਰਿੰਸੀਪਲ ਮੈਡਮ ਸੁਖਮੀਤ ਕੌਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਹਸਪਤਾਲ ਅਤੇ ਪ੍ਰੀਮੀਅਮ ਸਕੂਲ ਦੇ ਇੰਚਾਰਜ ਮੈਡਮ ਪ੍ਰਵੀਨ ਕੌਰ ਅਤੇ ਮੈਡਮ ਪੁਨੀਤ ਕੌਰ, ਗੁਰਪਿੰਦਰ ਸਿੰਘ, ਮੈਡਮ ਹਰਮੀਤ ਕੌਰ, ਮੈਡਮ ਤਾਨੀਆ ਮਾਨ, ਮੈਡਮ ਗੁਰਜੀਤ ਕੌਰ ਆਦਿ ਹਾਜਰ ਸਨ।

## ਪੰਜਾਬੀ ਸਾਹਿਤ ਸਭਾ ਵੱਲੋਂ "ਸਮੇਂ ਦੇ ਬਦਲਦੇ ਰੰਗ" ਲੋਕ ਅਰਪਿਤ ਸਮਾਗਮ 31 ਨੂੰ ਹੋਵੇਗਾ




**ਚੌਕ ਮਹਿਤਾ, 29 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼ਾਇਰ ਮੁਖਤਾਰ ਗਿੱਲ ਦੀ ਕਾਵਿ ਪੁਸਤਕ "ਸਮੇਂ ਦੇ ਬਦਲਦੇ ਰੰਗ" ਲੋਕ ਅਰਪਿਤ ਸਮਾਗਮ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ 31 ਮਾਰਚ ਐਤਵਾਰ ਨੂੰ ਸਵੇਰੇ 10 ਵਜੇ ਬਾਬਾ ਮੱਖਣ ਸ਼ਾਹ ਲੁਬਾਣਾਂ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ । ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ ਦੀ ਜਾਣਕਾਰੀ ਅਨੁਸਾਰ ਮੁੱਖ ਮਹਿਮਾਨ ਡਾ: ਗੁਰਚਰਨ ਕੌਰ ਕੋਚਰ (ਮੀਤ ਪ੍ਰਧਾਨ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ) ਹੋਣਗੇ, ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲੰਦਿਰਜੀਤ ਸਿੰਘ ਰਾਜਨ, ਸਕੱਤਰ ਦੀਪ ਦਵਿੰਦਰ ਸਿੰਘ, ਹਰਭਜਨ ਸਿੰਘ ਨਾਹਲ (ਪ੍ਰਧਾਨ ਪੰਜਾਬੀ ਲਿਖਾਰੀ ਸਭਾ ਜਲੰਧਰ), ਗਿਆਨ ਸਿੰਘ ਘਈ (ਪ੍ਰਧਾਨ ਰਣਜੀਤ ਪੰਜਾਬੀ ਸਾਹਿਤ ਸਭਾ ਅੰਮ੍ਰਿਤਸਰ), ਅਤਰ ਸਿੰਘ ਤਰਸਿੱਕਾ (ਪ੍ਰਧਾਨ ਪੰਜਾਬੀ ਸਾਹਿਤ ਸਭਾ, ਤਰਸਿੱਕਾ), ਡਾ: ਗਗਨਦੀਪ ਸਿੰਘ (ਪ੍ਰਧਾਨ ਮਝੈਲਾਂ ਦੀ ਸੱਥ) ਸ਼ੁਸ਼ੋਭਿਤ ਹੋਣਗੇ ।

# ਵਿਦਿਆਰਥੀਆਂ ਅਤੇ ਨੌਜਵਾਨਾਂ ਲਈ 'ਸਮੁੰਦਰੀ ਹਾਊਸ' ਦੇ ਦਰਵਾਜ਼ੇ ਹਰ ਵਕਤ ਖੁੱਲ੍ਹੇ : ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ, 29 ਮਾਰਚ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਅੰਮ੍ਰਿਤਸਰ ਅਤੇ ਨੌਜਵਾਨਾਂ ਪ੍ਰਤੀ ਆਪਣੀ ਨਵੀਂ ਭੂਮਿਕਾ ਲਿਖ ਰਹੇ ਹਨ। ਸਰਦਾਰ ਸੰਧੂ ਨੇ ਜੈਕਰਨ ਸਿੰਘ ਮਾਨ ਦੀ ਅਗਵਾਈ ਵਿਚ ਉਨ੍ਹਾਂ ਦੇ ਗ੍ਰਹਿ ਵਿਖੇ ਵਿਚਾਰ ਵਟਾਂਦਰਾ ਕਾਰਨ ਆਏ ਯੂਨੀਵਰਸਿਟੀ ਅਤੇ ਕਾਲਜਾਂ ਦੇ ਵਿਦਿਆਰਥੀਆਂ ਅਤੇ ਨੌਜਵਾਨਾਂ ਦੀ ਮੇਜਬਾਨੀ ਕੀਤੀ ਅਤੇ ਗੱਲਬਾਤ ਦੌਰਾਨ ਕਿਹਾ ਕਿ ਵਿਦਿਆਰਥੀਆਂ ਅਤੇ ਨੌਜਵਾਨਾਂ ਲਈ 'ਸਮੁੰਦਰੀ ਹਾਊਸ' ਦੇ ਦਰਵਾਜ਼ੇ ਹਰ ਵਕਤ ਖੁੱਲ੍ਹੇ ਹਨ। ਸਰਦਾਰ ਸੰਧੂ ਨੇ ਨੌਜਵਾਨਾਂ ਨਾਲ ਆਪਣੇ ਅਨੁਭਵ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿਖ ਹਨ, ਸਾਨੂੰ ਸਭ ਨੂੰ ਦੇਸ਼ , ਪੰਜਾਬ ਅਤੇ ਅੰਮ੍ਰਿਤਸਰ ਦੇ ਵਿਕਾਸ ਅਤੇ ਖ਼ੁਸ਼ਹਾਲੀ ਲਈ ਕਾਰਜ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਮੇਰੇ ਮਨ ਵਿਚ ਅੰਮ੍ਰਿਤਸਰ ਅਤੇ ਨਵੀਂ ਪੀੜ੍ਹੀ ਨੂੰ ਲੈ ਕੇ ਕਈ ਯੋਜਨਾਵਾਂ ਹਨ। ਉਨ੍ਹਾਂ ਨੌਜਵਾਨਾਂ ਕਿਹਾ ਕਿ ਨੌਜਵਾਨ ਨਿਰਾਸ਼ ਹੋ ਕੇ ਵਿਦੇਸ਼ਾਂ ਨੂੰ ਨਾ ਜਾਣ। ਇਥੇ ਹੀ ਭਵਿਖ ਵਿਚ ਉਨ੍ਹਾਂ ਨੂੰ ਰੁਜ਼ਗਾਰ ਦੇ ਬਹੁਤ ਮੌਕੇ ਮਿਲਣ ਵਾਲੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਅਤੇ ਭਾਰਤ ਦੇ ਸੰਬੰਧ ਹੁਣ ਭਾਈਵਾਲੀ ਵਿਚ ਬਦਲ ਚੁਕਾ ਹੈ, ਅਮਰੀਕੀ ਕੰਪਨੀਆਂ ਭਾਰਤ ਵਿਚ ਨਿਵੇਸ਼ ਕਰ ਰਹੀਆਂ ਹਨ, ਇਹ ਨਿਵੇਸ਼ ਅੰਮ੍ਰਿਤਸਰ ਵੀ ਲਿਆਂਦਾ ਜਾਵੇਗਾ। ਉਨ੍ਹਾਂ ਦੱਸਿਆ ਕਿ ਅਮਰੀਕਾ ਭਾਰਤ ਵਿੱਚ ਸਿਹਤ,



ਸੈਮੀਕੰਡਕਟਰ, ਰੱਖਿਆ, ਨਵੀਂ ਤਕਨੀਕ ਵਰਗੇ ਖੇਤਰਾਂ ਵਿੱਚ ਨਿਵੇਸ਼ ਕਰ ਰਿਹਾ ਹੈ। ਭਾਰਤ ਵਿੱਚ ਸਭ ਤੋਂ ਵੱਡੀ ਸੈਮੀਕੰਡਕਟਰ ਕੰਪਨੀ ਮਾਈਕ੍ਰੋਨ ਆ ਰਹੀ ਹੈ. ਪਹਿਲਾ ਸੋਲਰ ਚੇਨਈ ਵਿੱਚ ਨਿਵੇਸ਼ ਕਰ ਰਿਹਾ ਹੈ। ਗੂਗਲ, ਮਾਈਕ੍ਰੋਸਾਫਟ, ਆਈਬੀਐਮ ਆ ਰਹੇ ਹਨ। ਸੈੱਲ ਫ਼ੋਨ ਬਣਾਏ ਜਾ ਰਹੇ ਹਨ। ਇਹ ਸਾਰਾ ਧਿਆਨ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਵਿਦੇਸ਼ ਨੀਤੀ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਜੋ ਵੀ ਭਾਰਤੀ ਵਿਦੇਸ਼ ਸੇਵਾ ਦੌਰਾਨ ਉਨ੍ਹਾਂ ਨੂੰ ਤਜਰਬਾ ਅਤੇ ਅਹਿਮ ਸੰਪਰਕ ਸਥਾਪਿਤ ਹੋਏ ਹਨ, ਉਨ੍ਹਾਂ ਨੂੰ ਅੰਮ੍ਰਿਤਸਰ ਦੇ ਵਿਕਾਸ ਲਈ ਵਰਤਿਆ ਜਾਵੇਗਾ। ਉਨ੍ਹਾਂ ਨੌਜਵਾਨ ਉੱਦਮੀਆਂ ਨੂੰ ਖਾੜੀ ਦੇਸ਼ਾਂ ਨਾਲ ਵਪਾਰ ਕਰਨ ਵਿਚ ਰੁਚੀ ਲੈਣ ਲਈ ਵੀ ਪ੍ਰੇਰਿਆ ਅਤੇ ਕਿਹਾ ਕਿ ਅੰਮ੍ਰਿਤਸਰ ਤੋਂ ਕਾਰਗੋ ਦੀ ਵਰਤੋਂ ਕਰਦਿਆਂ ਫਲ਼ ਅਤੇ ਸਬਜ਼ੀਆਂ ਖਾੜੀ ਦੇਸ਼ਾਂ ਨੂੰ ਭੇਜੀਆਂ ਜਾ ਸਕਦੀਆਂ ਹਨ ਜਿਸ ਨਾਲ ਆਮਦਨੀ ਵਿਚ ਕਈ ਗੁਣਾ ਵਾਧਾ ਹੋ ਸਕੇਗਾ। ਉਨ੍ਹਾਂ ਕਿਹਾ ਕਿ ਸਟਾਰਟਅੱਪ ਸ਼ੁਰੂ ਕਰਨ ਦੀ ਰਾਏ ਦਿੰਦਿਆਂ ਕਿਹਾ ਕਿ ਅੰਮ੍ਰਿਤਸਰ ਹਰ ਰੋਜ਼ ਡੇਢ ਲੱਖ ਸੈਲਾਨੀ ਆਉਂਦੇ ਹਨ, ਛੁੱਟੀਆਂ ਦੌਰਾਨ ਇਹ ਹਰ ਸਾਲ ਦੋ ਲੱਖ ਤੱਕ ਪਹੁੰਚ ਜਾਂਦਾ ਹੈ। ਇਸ ਨੂੰ ਟੂਰਿਜ਼ਮ ਵਿਚ ਬਦਲਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਇਥੇ ਹੀ ਬਿਹਤਰ ਰੁਜ਼ਗਾਰ ਮਿਲੇਗਾ ਤਾਂ ਉਹ ਵਿਦੇਸ਼ ਜਾਣ ਬਾਰੇ ਨਹੀਂ ਸੋਚਣਗੇ। ਇਸ ਨਾਲ ਨਸ਼ੇ ਦੀ ਸਮੱਸਿਆ ਵੀ ਹੱਲ ਹੋਵੇ।

ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਨਵੇਂ ਅਦਾਰੇ

# ਸ਼੍ਰੀ ਕਲਗੀਧਰ ਪਬਲਿਕ ਸਕੂਲ ਦੇ ਨਵੇਂ ਸੈਸ਼ਨ ਦਾ ਆਰੰਭ



ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 29 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਕ ਅਤੇ ਬਾਬਾ ਬਕਾਲਾ ਸਾਹਿਬ ਦੇ ਨਵੇਂ ਵਿੱਦਿਅਕ ਯੂਨਿਟ ਸ੍ਰੀ ਕਲਗੀਧਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬਤਾਲਾ ਦਾ ਉਦਘਾਟਨ ਸੰਸਥਾ ਦੇ ਸਰਪ੍ਰਸਤ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਵੱਲੋਂ ਕੀਤਾ ਗਿਆ ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਭਾਈ ਲਵਪ੍ਰੀਤ ਸਿੰਘ, ਭਾਈ ਸਿਮਰਪ੍ਰੀਤ ਸਿੰਘ ਅਤੇ ਸਾਥੀਆਂ ਵੱਲੋਂ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਹਾਜ਼ਰ ਸਮੂਹ ਵਿਦਿਆਰਥੀਆਂ ਅਤੇ ਸੰਗਤਾਂ ਨੂੰ ਸਰਵਣ ਕਰਵਾਇਆ। ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸਮੇਂ ਆਏ ਸ੍ਰੀ ਮੁੱਖਵਾਕ ਦੀ ਕਥਾ ਸੰਤ ਗਿਆਨੀ ਹਰਨਾਮ ਸਿੰਘ ਜੀ ਵੱਲੋਂ ਕੀਤੀ ਗਈ। ਅਰਦਾਸ ਉਪਰੰਤ ਇਸ ਨਵੇਂ ਵਿੱਦਿਅਕ ਅਦਾਰੇ ਦਾ ਉਦਘਾਟਨ ਜੈਕਾਰਿਆਂ ਦੀ ਗੂੰਜ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਜੀ ਵੱਲੋਂ ਕੀਤਾ ਗਿਆ। ਸਮੂਹ ਸੰਸਥਾ ਦੇ ਚੇਅਰਮੈਨ ਸ੍ਰ: ਗੁਰਦੀਪ ਸਿੰਘ ਰੰਧਾਵਾ ਅਤੇ ਪ੍ਰਧਾਨ ਸ੍ਰ: ਕੁਲਬੀਰ ਸਿੰਘ ਮਾਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਹਿਲੀ ਅਪ੍ਰੈਲ 2024 ਤੋਂ ਇਹ ਅਦਾਰਾ ਆਪਣਾ ਪਹਿਲਾ ਵਿੱਦਿਅਕ ਸੈਸ਼ਨ ਆਰੰਭ ਕਰਨ ਜਾ ਰਿਹਾ ਹੈ। ਪ੍ਰੀ ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਮੈਡੀਕਲ, ਨਾਨ ਮੈਡੀਕਲ, ਕਾਮਰਸ ਅਤੇ ਆਰਟਸ ਗਰੁੱਪਾਂ ਦੀ ਪੜ੍ਹਾਈ ਕਰਵਾਈ ਜਾਵੇਗੀ ਅਤੇ ਇਸ ਦੇ ਨਾਲ ਹੀ ਹਰ ਤਰ੍ਹਾਂ ਦੀਆਂ ਸਹਿ- ਅਕਾਦਮਿਕ ਕਿਰਿਆਵਾਂ ਦੁਆਰਾ ਬੱਚੇ ਦੇ ਅਕਾਦਮਿਕ ਅਤੇ ਬੌਧਿਕ ਪੱਧਰ ਨੂੰ ਉੱਚਾ ਚੁੱਕਦੇ ਹੋਏ ਉਸਦੇ ਸਰਵਪੱਖੀ ਵਿਕਾਸ ਤੇ ਜ਼ੋਰ ਦਿੱਤਾ ਜਾਵੇਗਾ। ਸੰਤ ਗਿਆਨੀ ਹਰਨਾਮ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਇਸ ਇਲਾਕੇ ਵਿੱਚ ਵਿੱਦਿਆ ਦੇ ਪ੍ਰਸਾਰ ਦੇ ਖੇਤਰ ਵਿੱਚ ਬਹੁਤ ਵਡਮੁੱਲਾ ਯੋਗਦਾਨ ਹੈ। ਇਹ ਸੰਸਥਾਵਾਂ ਜਿੱਥੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਵਿਦਿਆਰਥੀਆਂ ਨੂੰ ਅੱਗੇ ਲਿਜਾ ਰਹੀਆਂ ਹਨ, ਉਥੇ ਧਾਰਮਿਕ ਤੌਰ ਤੇ ਵੀ ਵਿਦਿਆਰਥੀਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕਰ ਰਹੀਆਂ ਹਨ। ਇਸ ਮੌਕੇ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਸਕੱਤਰ ਸ੍ਰ.ਹਰਸ਼ਦੀਪ ਸਿੰਘ ਰੰਧਾਵਾ, ਸ੍ਰ.ਅਵਤਾਰ ਸਿੰਘ ਬੁੱਟਰ ਮੈਂਬਰ ਚੀਫ਼ ਖਾਲਸਾ ਦੀਵਾਨ, ਸਰਦਾਰ ਬਲਵਿੰਦਰ ਸਿੰਘ ਗੁਮਟਾਲਾ, ਐਡਵੋਕੇਟ ਹਰਜੋਤ ਸਿੰਘ ਮਾਨ , ਸ੍ਰ. ਸੁਖਜਾਪ ਸਿੰਘ, ਸ੍ਰ. ਜਗਤਾਰ ਸਿੰਘ ਗੱਗੜਬਾਣਾ, ਸ੍ਰ. ਗੁਰਜਿੰਦਰ ਸਿੰਘ ਸਠਿਆਲਾ, ਸ੍ਰ. ਗਿਆਨ ਸਿੰਘ ਪ੍ਰਧਾਨ ਗੁਰਦੁਆਰਾ ਬਾਬਾ ਪੱਲ੍ਹਾ ਜੀ , ਸ੍ਰ. ਹਰਦੀਪ ਸਿੰਘ ਸਠਿਆਲਾ ,ਪ੍ਰਿੰ.ਹਰਦੇਵ ਸਿੰਘ ਸੂਜੋਕਾਲੀਆ ,ਪ੍ਰਿੰ.ਗੁਰਸੇਵਕ ਸਿੰਘ ਬਿਹਾਰੀਪੁਰ, ਪ੍ਰਿੰ. ਹਰਵਿੰਦਰ ਕੌਰ, ਪ੍ਰਿੰ. ਗੁਰਪ੍ਰੀਤ ਸਿੰਘ ਪੱਡਾ ,ਪ੍ਰਿੰ. ਮਨਜੀਤ ਕੌਰ ਵਾਲੀਆ ਅਤੇ ਸ੍ਰ. ਅਨੂਜੀਤ ਸਿੰਘ ਵਾਲੀਆ ਹਾਜ਼ਰ ਸਨ।

**ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਜੀ ਖਾਲਸਾ ਨੇ ਕੀਤਾ ਉਦਘਾਟਨ**

ਸੰਤ ਬਾਬਾ ਸੁੱਖਾ ਸਿੰਘ ਜੀ ਨੇ ਅਰਦਾਸ ਉਪਰੰਤ ਝੰਡਾ ਲਹਿਰਾ ਕੇ ਕੀਤੀ ਆਲ ਓਪਨ ਹਾਕੀ ਟੂਰਨਾਮੈਂਟ ਦੀ ਆਰੰਭਤਾ

# ਸੰਤ ਬਾਬਾ ਤਾਰਾ ਸਿੰਘ ਸਪੋਰਟਸ ਅਕੈਡਮੀ ਵਿਚ ਬਣੇਗੀ ਆਸਟ੍ਰੋ ਟਰਫ ਗਰਾਊਂਡ - ਸੰਤ ਬਾਬਾ ਸੁੱਖਾ ਸਿੰਘ ਜੀ



ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 29 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਪ੍ਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੌਜੂਦਾ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਅਗਵਾਈ ਵਿਚ ਅੱਜ ਸੰਤ ਬਾਬਾ ਤਾਰਾ ਸਿੰਘ ਸਪੋਰਟਸ ਅਕੈਡਮੀ ਵਿਖੇ ਤਿੰਨ ਰੋਜ਼ਾ ਆਲ ਓਪਨ ਹਾਕੀ ਟੂਰਨਾਮੈਂਟ ਦੀ ਆਰੰਭਤਾ ਹੋਈ, ਜੋ 31 ਮਾਰਚ ਨੂੰ ਸੰਪੰਨ ਹੋਵੇਗਾ। ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਕੀਰਤਨ ਉਪਰੰਤ ਅਰਦਾਸ ਹੋਈ ।ਮੁੱਖ ਮਹਿਮਾਨ ਵਜੋਂ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਟੂਰਨਾਮੈਂਟ ਦਾ ਝੰਡਾ ਲਹਿਰਾਉਣ ਤੇ ਰਿਬਨ ਕੱਟਣ ਉਪਰੰਤ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਦੱਸਿਆ ਕਿ ਸੰਤ ਬਾਬਾ ਤਾਰਾ ਸਿੰਘ ਸਪੋਰਟਸ ਅਕੈਡਮੀ ਆਸਟ੍ਰੋ ਟਰਫ ਗਰਾਉਂਡ ਵਾਲੀ ਅਕੈਡਮੀ ਹੋਵੇਗੀ। ਉਹਨਾਂ ਦੱਸਿਆ ਕਿ ਖੇਡਾਂ ਵੱਲ ਪ੍ਰੇਰਿਤ ਕਰਨਾ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਅਤਿ ਜਰੂਰੀ ਉਪਰਾਲਾ ਹੈ, ਜੋ ਜਵਾਨੀ ਦੇ ਜੋਸ਼ ਨੂੰ ਸਹੀ ਦਿਸ਼ਾ ਪ੍ਰਦਾਨ ਕਰਦਾ ਹੈ। ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਵਲੋਂ ਸਥਾਪਿਤ ਕੀਤੇ ਮੱਲ ਅਖਾੜੇ ਦੀ ਯਾਦ ਵਿਚ ਗੁਰਦੁਆਰਾ ਮੱਲ ਅਖਾੜਾ, ਖਡੂਰ ਸਾਹਿਬ ਏਸੇ ਖੇਡ-ਉੱਦਮ ਦੀ ਸੇਧ ਪ੍ਰਦਾਨ ਕਰਦਾ ਹੈ। ਆਉ ਸਾਰੇ ਰਲ ਮਿਲ ਕੇ ਗੁਰੂ ਆਸ਼ੇ ਅਨੁਸਾਰ ਆਪਣੇ ਬੱਚਿਆਂ ਨੂੰ ਖੇਡਾਂ ਨਾਲ ਜੁੜਣ ਲਈ ਪ੍ਰੇਰਨਾ ਦੇਈਏ।" ਇਸ ਮੌਕੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਕਲਾਂ ਦੇ ਪ੍ਰਿੰ. ਜਸਬੀਰ ਸਿੰਘ ਜੀ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿਚ ਕੁੱਲ 16 ਟੀਮਾਂ ਰਜਿਸਟਰਡ ਹੋਈਆਂ ਹਨ, ਜਿਨ੍ਹਾਂ ਵਿਚ ਸੰਤ ਬਾਬਾ ਤਾਰਾ ਸਿੰਘ ਸਪੋਰਟਸ ਅਕੈਡਮੀ ਦੀ ਆਪਣੀ ਟੀਮ ਤੋਂ ਇਲਾਵਾ ਪਿੰਡ ਮਿੱਠਾਪੁਰ, ਬੁਤਾਲਾ, ਰੋਮੀ, ਤਰਸਿੱਕਾ, ਸੱਜਰਵਾਲ, ਉਦੋ ਨੰਗਲ, ਕਪੂਰਥਲਾ-11, ਚੀਮਾ ਅਕੈਡਮੀ, ਕਿਲਾ ਰਾਇਪੁਰ, ਰਣੀਆ, ਸਰਹਾਲੀ ਕਲਾਂ, ਅਟਾਰੀ, ਗੱਗੜਭਾਣਾ ਸਮੇਤ ਜੰਮੂ ਤੇ ਕੁਰੂਕਸ਼ੇਤਰ( ਹਰਿਆਣਾ) ਦੇ ਨਾਂ ਸ਼ਾਮਲ ਹਨ। ਉਹਨਾਂ ਦੱਸਿਆ ਕਿ ਪਹਿਲੇ, ਦੂਜੇ, ਤੀਜੇ ਤੇ ਚੌਥੇ ਸਥਾਨ ਆਉਣ ਵਾਲੀਆਂ ਟੀਮਾਂ ਨੂੰ ਕ੍ਰਮਵਾਰ ਜੇਤੂ ਟ੍ਰਾਫੀਆਂ ਦੇ ਨਾਲ ਰੁਪਏ 61000, 41000, 5100, 5100 ਦੀ ਨਕਦ ਰਾਸ਼ੀ ਇਨਾਮ ਵਜੋਂ ਦਿੱਤੀ ਜਾਵੇਗੀ ਅਤੇ ਬਾਕੀ ਹੌਸਲਾ ਅਫਜ਼ਾਈ ਵਜੋਂ 3100 ਰੁਪਏ ਹਰੇਕ ਟੀਮ ਨੂੰ ਸਨਮਾਨ ਰਾਸ਼ੀ ਦਿੱਤੀ ਜਾਵੇਗੀ। ਇਸ ਮੌਕੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਦੀ ਸਮੂਹ ਮੈਨੇਜਮੈਂਟ ਕਮੇਟੀ ਪ੍ਰਿੰ. ਜਸਬੀਰ ਸਿੰਘ ਜੀ, ਹਰਜਿੰਦਰ ਸਿੰਘ ਬਿੱਲਿਆਂ ਵਾਲਾ (ਆਨਰੇਰੀ ਸਕੱਤਰ), ਜਸਵਿੰਦਰ ਸਿੰਘ ਮੋਹਨਪੁਰਾ , ਮਨਜੀਤ ਸਿੰਘ, ਸਰਵਣ ਸਿੰਘ, ਪਰਮਿੰਦਰ ਸਿੰਘ ਸ਼ਾਹਕੋਟ ਹਲਕਾ ਇੰਚਾਰਜ, ਕੁਲਦੀਪ ਸਿੰਘ ਪੰਪ ਵਾਲੇ, ਗੁਰਦੇਵ ਸਿੰਘ (ਜੀ.ਐਮ. ਮਿਲਕ ਪਲਾਂਟ ਵੇਰਕਾ), ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ ਸਪੋਰਟਸ ਕਲੱਬ ਸਰਹਾਲੀ ਦੇ ਮੈਂਬਰ ਸ. ਵਰਿੰਦਰ ਪਾਲ ਸਿੰਘ ਬਬਲੂ, ਗੁਰਦੇਵ ਸਿੰਘ ਮਾਮੂੰਕੇ, ਤੇਜਿੰਦਰਬੀਰ ਸਿੰਘ, ਬਲਜਿੰਦਰ ਸਿੰਘ ਫੀਲੋ, ਮਨਜਿੰਦਰ ਸਿੰਘ ਸੰਧੂ ਠੇਕੇਦਾਰ, ਪ੍ਰਦੀਪ ਸਿੰਘ ਪ੍ਰਧਾਨ, ਸ਼ਿਵਜੀਤ ਸਿੰਘ, ਸ਼ਮਸ਼ੇਰ ਸਿੰਘ, ਰਣਜੀਤ ਸਿੰਘ ਰਾਣਾ ਹਾਂਗਕਾਂਗ, ਲਖਵਿੰਦਰ ਸਿੰਘ ਬੱਬੂ, ਅਜੇ ਸਿੰਘ ਹੁੰਦਲ, ਸੁਖਵਿੰਦਰ ਸਿੰਘ ਸੁੱਖਾ ਖਾਰਾ, ਜਸਵੀਰ ਸਿੰਘ ਪਿੱਲਾ, ਗੁਰਪ੍ਰੀਤ ਸਿੰਘ ਗੋਪੀ, ਸ਼ਮਸ਼ੇਰ ਸਿੰਘ ਸ਼ੇਰਾ, ਕੁਲਦੀਪ ਸਿੰਘ ਕਾਲਾ, ਰਸ਼ਪਾਲ ਸਿੰਘ ਮਾਮੂੰਕੇ, ਹਰਿੰਦਰ ਸਿੰਘ ਕਾਹਲੋਂ ਮਾਮੂੰਕੇ, ਗੁਰਬਾਜ ਸਿੰਘ, ਜਗਵਿੰਦਰ ਸਿੰਘ ਤੇ ਹੋਰ ਕਈ ਸਤਿਕਾਰਤ ਸ਼ਖਸੀਅਤਾਂ ਹਾਜ਼ਰ ਸਨ।

# ਸ਼ਹੀਦ ਸੁਖਵਿੰਦਰ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਅਕਬਰਪੁਰ ਕਲਾਂ ਦਾ ਸਲਾਨਾ ਸਮਾਰੋਹ ਅਮਿੱਟ ਯਾਦਾਂ ਨਾਲ ਸੰਪੰਨ ਹੋਇਆ

## ਹੋਣਹਾਰ ਬੱਚਿਆਂ ਸਮੇਤ ਸ਼ਹੀਦ ਦੀ ਮਾਤਾ ਨੂੰ ਕੀਤਾ ਸਨਮਾਨਿਤ



**ਨਕੋਦਰ/ਮਹਿਤਪੁਰ 29 ਮਾਰਚ (ਹਰਜਿੰਦਰ ਪਾਲ ਛਾਬੜਾ)**-ਮਹਿਤਪੁਰ ਇਲਾਕੇ ਦੇ , ਸ਼ਹੀਦ ਸੁਖਵਿੰਦਰ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਅਕਬਰਪੁਰ ਕਲਾਂ ਦਾ ਸਲਾਨਾ ਸਮਾਰੋਹ ਕਾਰਗਿਲ ਯੁੱਧ ਦੇ ਅਮਰ ਸ਼ਹੀਦ, ਸ਼ਹੀਦ ਸੁਖਵਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਸ਼ੁਰੂ ਕੀਤਾ ਗਿਆ। ਇਸ ਮੌਕੇ ਪਹਿਲੀ ਕਲਾਸ ਤੋਂ ਲੈ ਕੇ ਪੰਜਾਬੀ ਕਲਾਸ ਦੇ ਵਿਦਿਆਰਥੀਆਂ ਵੱਲੋਂ ਇਕ ਤੋਂ ਇਕ ਕਲਾ ਦੀ ਪੇਸ਼ਕਾਰੀ ਕੀਤੀ ।ਇਸ ਮੌਕੇ ਬੱਚਿਆਂ ਵੱਲੋਂ ਸ਼ਹੀਦ ਸੁਖਵਿੰਦਰ ਸਿੰਘ ਦੀ ਤਸਵੀਰ ਅਤੇ ਦੇਸ਼ ਦਾ ਗੋਰਵ ਤਰੰਗਾਂ ਝੰਡਾ ਲੈ ਕੇ ਦੇਸ਼ ਭਗਤੀ ਦੇ ਗੀਤ ਮੇਰੇ ਦੇਸ਼ ਦੀ ਮਿਟੀ ਪੇਸ਼ਕਾਰੀ ਨੇ ਦਰਸ਼ਕਾਂ ਦੀਆਂ ਅੱਖਾਂ ਵਿੱਚ ਅਥਰੂ ਲੈ ਆਂਦੇ। ਇਸ ਤੋਂ ਬਾਅਦ ਬੱਚਿਆਂ ਵੱਲੋਂ ਰੁੱਖ ਬਚਾਓ ਤੇ ਕੀਤੀ ਪੇਸ਼ਕਾਰੀ ਅਮਿੱਟ ਛਾਪ ਛੱਡ ਗਈ । ਗੀਤ ਮੇਰਾ ਦੇਸ਼ ਹੋਵੇ ਪੰਜਾਬ ਤੇ ਕੀਤੀ ਕੋਰੀਓਗਰਾਫੀ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ ।ਇਸ ਮੌਕੇ ਸਕੂਲ ਦੇ ਸਾਰੇ ਬੱਚਿਆਂ ਨੂੰ ਸਕੂਲ ਬੈਗ ਦਿੱਤੇ ਗਏ। ਪ੍ਰੋਗਰਾਮ ਦੀ ਸਟੇਜ ਸੰਚਾਲਨ ਦੀ ਸੁਚੱਜੀ ਭੂਮਿਕਾ ਮਾਸਟਰ ਸ਼ੇਖਰ ਚੰਦ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਉਚੇਚੇ ਤੌਰ ਤੇ ਪਹੁੰਚੇ ਬੀ ਪੀ ਈ ਓ, ਬੀ ਕੇ ਮਹਿਮੀ ਵੱਲੋਂ ਸਕੂਲ ਟੀਚਰ ਪ੍ਰਵੀਨ ਸਚਦੇਵਾ ਦੀ ਸੋਚ ਸਕੂਲ ਦੀ ਦਿੱਖ ਸੰਵਾਰਨ ਤੇ ਕੀਤੀ ਮਿਹਨਤ ਲਈ ਸਕੂਲ ਸਟਾਫ , ਬੱਚਿਆਂ ਦੀ ਕਾਮਯਾਬੀ, ਅਤੇ ਸਮੁੱਚੇ ਨਗਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਲਈ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਿਸਾਨ ਆਗੂ ਸਰਬਨ ਸਿੰਘ ਜੱਜ ਵੱਲੋਂ ਸੰਬੋਧਨ ਕਰਦਿਆਂ ਸ਼ਹੀਦਾਂ ਦੇ ਪਾਏ ਪੂਰਨਿਆਂ ਤੇ ਚੱਲਣ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਸਰਕਾਰਾਂ ਨੂੰ ਸ਼ਹੀਦਾਂ ਦੇ ਪਰਿਵਾਰਾਂ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ ।ਇਸ ਮੌਕੇ ਸ਼ਹੀਦ ਸੁਖਵਿੰਦਰ ਸਿੰਘ ਦੀ ਮਾਤਾ ਜੋਗਿੰਦਰ ਕੌਰ ਜੀ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਸਕੂਲ ਕਮੇਟੀ ਵੱਲੋਂ ਪਹਿਲੀ , ਦੂਜੀ , ਤੀਜੀ ਨੰਬਰ ਤੇ ਆਉਣ ਵਾਲੇ ਅਤੇ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀ ਐਚ ਟੀ ਵਨੀਤ ਕੁਮਾਰ, ਦਫ਼ਤਰ ਸਟਾਫ ਸੀ ਐਚ ਟੀ ਜਸਵੀਰ ਸਿੰਘ,ਐਚ ਟੀ ਲਖਵਿੰਦਰ ਸਿੰਘ, ਐਚ ਟੀ ਸ਼ੇਖਰ ਚੰਦ , ਐਚ ਟੀ ਨੀਰੂ ਨਾਹਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਠੇਕੇਦਾਰ ਮੋਹਨ ਸਿੰਘ ਵੱਲੋਂ ਏ.ਸੀ.ਪੀ ਕ੍ਰਾਇਮ ਕੁਲਦੀਪ ਸਿੰਘ ਦਾ ਸਨਮਾਨ



**ਅੰਮ੍ਰਿਤਸਰ, 28 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )** - ਅੱਜ ਸਥਾਨਕ ਕੋਟ ਘਨੱਈਆ ਲਾਲ ਸੁਲਤਾਨਵਿੰਡ ਰੋਡ ਵਿਖੇ ਅੰਮ੍ਰਿਤਸਰ ਦੇ ਉਘੇ ਸਮਾਜ ਸੇਵਕ ਠੇਕੇਦਾਰ ਮੋਹਨ ਸਿੰਘ ਵੱਲੋਂ ਏ.ਸੀ.ਪੀ ਕ੍ਰਾਇਮ ਕੁਲਦੀਪ ਸਿੰਘ ਨੂੰ ਵਧੀਆ ਸੇਵਾਵਾਂ ਦੇਣ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਠੇਕੇਦਾਰ ਮੋਹਨ ਸਿੰਘ ਨੇ ਕਿਹਾ ਕਿ ਸਾਨੂੰ ਕੁਲਦੀਪ ਸਿੰਘ ਵਰਗੇ ਜਾਂਬਾਜ ਅਫਸਰਾਂ 'ਤੇ ਬਹੁਤ ਮਾਣ ਹੈ ਜਿਹੜੇ ਅਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਂਦੇ ਹਨ ।ਉਨ੍ਹਾ ਕਿਹਾ ਕਿ ਸਮਾਜ ਸੇਵੀਂ ਸੰਸਥਾਵਾਂ ਨੂੰ ਅਜਿਹੇ ਅਫਸਰਾਂ ਨੂੰ ਉਨ੍ਹਾਂ ਦਾ ਬਣਦਾ ਮਾਨ ਸਨਮਾਨ ਜ਼ਰੂਰ ਦੇਣਾ ਚਾਹੀਦਾ ਹੈ ।ਇਸ ਮੌਕੇ ਏ.ਸੀ.ਪੀ ਕੁਲਦੀਪ ਸਿੰਘ ਨੇ ਕਿਹਾ ਕਿ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੁਲਿਸ ਅਤੇ ਪਬਲਿਕ ਵਿਚਲੀ ਦੂਰੀ ਨੂੰ ਖਤਮ ਕਰਨ ਲਈ ਪੁਲਿਸ ਪਬਲਿਕ ਬੈਠਕਾਂ ਦਾ ਸਿਲਸਿਲਾ ਸ਼ੁਰੂ ਕੀਤਾ ਜਾਵੇਗਾ ।ਉਨ੍ਹਾਂ ਕਿਹਾ ਕਿ ਸਮਾਜ ਵਿਚੋਂ ਨਸ਼ਿਆਂ ਅਤੇ ਜ਼ੁਰਮ ਦੇ ਖਾਤਮੇ ਲਈ ਲੋਕ ਸਮਾਜ ਵਿਰੋਧੀ ਅਨਸਰਾਂ ਦੀ ਭਿਣਕ ਪੈਣ 'ਤੇ ਪੁਲਿਸ ਨੂੰ ਸੂਚਨਾ ਜ਼ਰੂਰ ਦੇਣ .ਇਸ ਮੌਕੇ ਆਰਟਿਸਟ ਰਾਜਪਾਲ ਸੁਲਤਾਨ ,ਫਿਲਮੀ ਕਲਾਕਾਰ ਅਰਵਿੰਦਰ ਭੱਟੀ,ਮਨਪ੍ਰੀਤ ਸਿੰਘ ਮਨੀ ਸੇਠੀ,ਰਵਜੋਤ ਸਿੰਘ,ਮਹਿਕਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਾਕੀ ਜਗਤ ਨੂੰ ਪਿਆ ਵੱਡਾ ਘਾਟਾ ਕੌਮਾਂਤਰੀ ਖਿਡਾਰੀ ਹਰਚਰਨ ਸਿੰਘ ਸੰਧੂ ਦਾ ਦੇਹਾਂਤ



**ਚੌਕ ਮਹਿਤਾ, 29 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਾਕੀ ਦੇ ਨਾਮਵਰ ਕੌਮਾਤਰੀ ਖਿਡਾਰੀ ਸਰਦਾਰ ਹਰਚਰਨ ਸਿੰਘ ਸੰਧੂ ਕਾਲਾ ਘਨੁਪੁਰ ਦੀ ਮੌਤ ਨਾਲ ਪੂਰੇ ਹਾਕੀ ਜਗਤ ਨੂੰ ਘਾਟਾ ਪਿਆ ਹੈ ਜਿਸ ਨੂੰ ਕਦੇ ਵੀ ਪੂਰਿਆ ਨਹੀਂ ਜਾ ਸਕਦਾ ਇਹ ਪ੍ਰਗਟਾਵਾ ਹਾਕੀ ਓਲੰਪੀਅਨ ਸ੍ਰੀ ਬਲਵਿੰਦਰ ਸ਼ਮੀ ਨੇ ਕਰਦਿਆਂ ਦੱਸਿਆ ਕਿ ਸਰਦਾਰ ਹਰਚਰਨ ਸਿੰਘ ਸੰਧੂ ਜਿਨਾਂ ਨੂੰ ਟੋਨੀ ਸਰਪੰਚ ਕਰਕੇ ਵੀ ਜਾਣਿਆ ਜਾਂਦਾ ਹੈ ਆਪਣੇ ਇਲਾਕੇ ਕਾਲਾ ਘਨੂਪੁਰ ਵਿਖੇ ਬੀਤੇ 22 ਮਾਰਚ ਨੂੰ ਸੰਸਾਰ ਨੂੰ ਅਲਵਿਦਾ ਕਹਿ ਕੇ ਸਦੀਵੀ ਵਿਛੋੜਾ ਦੇ ਗਏ ਹਨ। ਉਹਨਾਂ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਹਨਾਂ ਦੇ ਗ੍ਰਹਿ ਪਿੰਡ ਕਾਲਾ ਘਨੁਪੁਰ ਵਿਖੇ 31 ਮਾਰਚ 2024 ਦਿਨ ਐਤਵਾਰ ਨੂੰ ਪੇਣ ਉਪਰੰਤ ਅੰਤਿਮ ਅਰਦਾਸ ਗੁਰਦੁਆਰਾ ਛੇਵੀਂ ਪਾਤਸ਼ਾਹੀ ਏ ਬੀ ਬਲਾਕ ਰਣਜੀਤ ਐਵਨਿਊ ਵਿਖੇ ਸਮਾਂ ਇੱਕ ਤੋਂ ਦੋ ਦੁਪਹਿਰ ਵੇਲੇ ਹੋਵੇਗੀ ਇਸ ਮੌਕੇ ਡਾਕਟਰ ਅਵਤਾਰ ਸਿੰਘ ਅਮਨਦੀਪ ਹਸਪਤਾਲ ਡਾਕਟਰ ਰਵੀ ਮਹਾਜਨ ਸੀਨੀਅਰ ਪੁਲਿਸ ਅਧਿਕਾਰੀ ਸੁਖਮਿੰਦਰ ਸਿੰਘ ਮਾਨ ਡਾਕਟਰ ਸਾਹਿਲ ਸੰਧੂ ਸਪਰਿੰਗ ਡੇਲ ਸਕੂਲ ਸਰਦਾਰ ਨਿਰਮਲ ਸਿੰਘ ਜਸਵੰਤ ਸਿੰਘ ਮੇਜਰ ਸਿੰਘ ਧਾਲੀਵਾਲ ਸੁਖਜੀਤ ਕੌਰ ਸ਼ਮੀ ਬਖਸ਼ੀਸ਼ ਸਿੰਘ ਜਗਰੂਪ ਸਿੰਘ ਕਾਬਲ ਸਿੰਘ ਲਾਲੀ ਔਲਖ ਆਦਿ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਸ਼ੋਕ ਜਾਹਿਰ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਹਰਿਆਣਾ ਕਮੇਟੀ ਧਰਮ ਪ੍ਰਚਾਰ ਵਿੰਗ ਦੇ ਚੇਅਰਮੈਨ ਬਣਨ 'ਤੇ

# ਜਥੇਦਾਰ ਦਾਦੂਵਾਲ ਨੂੰ ਮੁਬਾਰਕਾਂ ਦੇਣ ਵਾਲਿਆਂ ਦਾ ਲੱਗਿਆ ਤਾਂਤਾ





ਤਲਵੰਡੀ ਸਾਬੋ/ਕਾਲਾਂਵਾਲੀ, 29 ਮਾਰਚ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਗੁਰਦੁਆਰਾ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ ਵਿਖੇ 28 ਮਾਰਚ 2024 ਨੂੰ ਹੋਏ ਜਰਨਲ ਇਜਲਾਸ ਸਮੇਂ ਜਰਨਲ ਹਾਊਸ ਦੇ ਸਮੂੰਹ ਮੈਂਬਰਾਂ ਵੱਲੋਂ ਨਵੀਂ ਅੰਤ੍ਰਿਗ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਹੋਰ ਅਹੁਦੇਦਾਰਾਂ ਤੋਂ ਇਲਾਵਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਰਬ ਸੰਮਤੀ ਨਾਲ ਹਰਿਆਣਾ ਕਮੇਟੀ ਧਰਮ ਪ੍ਰਚਾਰ ਵਿੰਗ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਜਿਸ ਨਾਲ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੇਸ਼ ਵਿਦੇਸ਼ ਤੋਂ ਸਿੱਖ ਸਖਸ਼ੀਅਤਾਂ,ਸੰਤ ਮਹਾਂਪੁਰਸ਼ਾਂ, ਪੰਥਕ ਜਥੇਬੰਦੀਆਂ ਦੇ ਆਗੂ ਸਹਿਬਾਨਾਂ ਅਤੇ ਸਿੱਖ ਸੰਗਤਾਂ ਵਲੋਂ ਮੁਬਾਰਕਾਂ ਦੇ ਫੋਨ ਆ ਰਹੇ ਹਨ ਅਤੇ ਅੱਜ ਜਥੇਦਾਰ ਦਾਦੂਵਾਲ ਨੇ ਆਪਣੇ ਮੁੱਖ ਅਸਥਾਨ ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਸੰਗਤਾਂ ਨਾਲ ਸਤਿਕਾਰ ਮਿਲਣੀ ਕੀਤੀ ਇਲਾਕੇ ਦੇ ਵੱਖ-ਵੱਖ ਨਗਰਾਂ ਤੋਂ ਸੰਗਤਾਂ ਨੇ ਅੱਜ ਗੁਰਦੁਆਰਾ ਦਾਦੂ ਸਾਹਿਬ ਪੁੱਜ ਕਰਕੇ ਜਥੇਦਾਰ ਦਾਦੂਵਾਲ ਨੂੰ ਸਿਰਪਾਓ ਦੇ ਕੇ ਸਨਮਾਨ ਕੀਤਾ ਅਤੇ ਨਵੀਂ ਮਿਲੀ ਸੇਵਾ ਲਈ ਵਧਾਈ ਦਿੱਤੀ ਜਿੰਨਾ ਵਿੱਚ ਪਿੰਡ ਦਾਦੂ ਸਾਹਿਬ ਤੋਂ ਇਲਾਵਾ ਪਿੰਡ ਤਿਲੋਕੇਵਾਲਾ, ਤਖ਼ਤਮੱਲ, ਕੇਵਲ, ਸਿੰਘਪੁਰਾ, ਧਰਮਪੁਰਾ, ਗਿਆਨਾ, ਫੱਗੂ, ਥਿਰਾਜ, ਕਾਲਾਂਵਾਲੀ ਪਿੰਡ ਅਤੇ ਮੰਡੀ ਦੀਆਂ ਸਿੱਖ ਸੰਗਤਾਂ ਹਾਜ਼ਰ ਸਨ ਜਿੰਨ੍ਹਾਂ ਵਿੱਚ ਬਾਬਾ ਕਰਤਾਰ ਸਿੰਘ ਤਿਲੋਕੇਵਾਲਾ, ਬਾਬਾ ਅਰਜਨ ਸਿੰਘ ਲਹਿਰੀ, ਨਰਦੇਵ ਸਿੰਘ ਕੇਵਲ, ਮਹਿਮਾ ਸਿੰਘ ਕੇਵਲ, ਬਲਦੇਵ ਸਿੰਘ ਪ੍ਰਧਾਨ ਤਖਤਮੱਲ, ਗੁਰਜੰਟ ਸਿੰਘ ਸਾਬਕਾ ਸਰਪੰਚ ਥਿਰਾਜ, ਰਾਜ ਸਿੰਘ ਪ੍ਰਧਾਨ ਗੁਰਦੁਅਆਰਾ ਸਾਹਿਬ ਤਖਤਮੱਲ, ਗੁਰਬਖਸ਼ ਸਿੰਘ ਤਖ਼ਤਮੱਲ, ਮੋਹਲਾ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਫੱਗੂ, ਰੇਸ਼ਮ ਸਿੰਘ ਸਰਪੰਚ ਗਿਆਨਾ, ਜਸਵਿੰਦਰ ਸਿੰਘ, ਗੁਰਦੀਪ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਗਿਆਨਾ ਸਮੇਤ ਹੋਰ ਸਿੰਘ ਵੀ ਹਾਜ਼ਰ ਸਨ।

ਗੱਟੀ ਰਾਜੋ ਕੇ ਸਕੂਲ ਵਿਚ ਸਲਾਨਾ ਨਤੀਜੇ ਮੌਕੇ ਇਨਾਮ ਵੰਡ ਸਮਾਰੋਹ ਕਰਵਾਇਆ

# ਪੁਜੀਸ਼ਨਾਂ ਹਾਸਲ ਕਰਨ ਵਾਲੇ 50 ਤੋਂ ਵੱਧ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ

**ਫ਼ਿਰੋਜ਼ਪੁਰ, 29 ਮਾਰਚ (ਮਨੋਹਰ ਲਾਲ) :—** ਹਿੰਦ—ਪਾਕਿ ਸਰਹੱਦ ਤੇ ਸਤਲੁਜ ਦਰਿਆ ਦੇ ਕੰਢੇ ਤੇ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ ਵਿੱਚ ਸਲਾਨਾ ਨਤੀਜੇ 2023—24 ਐਲਾਨਣ ਮੌਕੇ ਆਯੋਜਿਤ ਮਾਪੇ ਅਧਿਆਪਕ ਮਿਲਣੀ ਤੇ ਵਿਸ਼ੇਸ਼ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਸਮਾਗਮ ਦੀ ਅਗਵਾਈ ਪ੍ਰਿੰਸੀਪਲ ਡਾ: ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਵੱਲੋਂ ਕੀਤੀ ਗਈ, ਜਦੋਂ ਕਿ ਅਮਰੀਕ ਸਿੰਘ ਸਾਮਾ ਜ਼ਿਲ੍ਹਾ ਲੋਕ ਸੰਪਰਕ ਅਫਸਰ ਫਿਰੋਜ਼ਪੁਰ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਅਤੇ ਸਮਾਗਮ ਦੀ ਪ੍ਰਧਾਨਗੀ ਬੀ.ਐਸ.ਐਫ ਬਟਾਲੀਅਨ ਹੁਸੈਨੀਵਾਲਾ ਦੇ ਕੰਪਨੀ ਕਮਾਂਡੈਂਟ ਮਹੇਸ਼ ਵਰਮਾ ਨੇ ਕੀਤੀ। ਇਸ ਮੌਕੇ ਵਿਦਿਅਕ ਸੈਸ਼ਨ 2023—24 ਦੇ ਸਲਾਨਾ ਪ੍ਰੀਖਿਆ ਅਤੇ ਸਹਿਪਾਠੀ ਗਤੀਵਿਧੀਆਂ ਵਿਚ ਸ਼ਲਾਘਾਯੋਗ ਪ੍ਰਾਪਤੀਆਂ ਕਰਨ ਵਾਲੇ 50 ਤੋਂ ਵੱਧ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਡਾ: ਸਤਿੰਦਰ ਸਿੰਘ ਨੇ ਆਏ ਮਹਿਮਾਨਾਂ ਦਾ ਰਸਮੀ ਤੌਰ ਤੇ ਸਵਾਗਤ ਕਰਦਿਆਂ ਵਿਦਿਅਕ ਸੈਸ਼ਨ 2023—24 ਦੀਆਂ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਸਕੂਲ ਦੇ ਵਿਕਾਸ ਲਈ ਸਮਾਜ ਸੇਵੀ ਸੰਸਥਾਵਾਂ, ਦਾਨੀ ਸੱਜਣਾਂ ਅਤੇ ਬੀ.ਐਸ.ਐਫ਼ ਦੇ ਅਧਿਕਾਰੀਆਂ ਵੱਲੋਂ ਪਾਏ ਯੋਗਦਾਨ ਲਈ ਵਿਸ਼ੇਸ਼ ਧੰਨਵਾਦ ਵੀ ਕੀਤਾ। ਇਸ ਮੌਕੇ ਅਮਰੀਕ ਸਿੰਘ ਸਾਮਾ ਨੇ ਸਿਖਿਆ ਦੇ ਮਹੱਤਵ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਕੂਲ ਸਟਾਫ ਵੱਲੋਂ ਸਰਹੱਦੀ ਖੇਤਰ ਦੀ ਸਿੱਖਿਆ ਦੇ ਖੇਤਰ ਦੇ ਨਾਲ—ਨਾਲ ਸਮਾਜਿਕ ਖੇਤਰ ਵਿੱਚ ਪਾਏ ਵਡਮੁੱਲੇ ਯੋਗਦਾਨ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਕੂਲ ਦਾ ਸਮੁੱਚਾ ਵਿਕਾਸ ਸਟਾਫ ਦੀ ਮਿਹਨਤ ਨਾਲ ਹੀ ਸੰਭਵ ਹੋਇਆਂ ਹੈ। ਉਨ੍ਹਾਂ ਨੇ ਸਨਮਾਨਿਤ ਹੋਣ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਆਪਣੇ ਵੱਲੋਂ ਵਿਦਿਆਰਥੀਆਂ ਨੂੰ ਨਗਦ ਇਨਾਮੀ ਰਾਸ਼ੀ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ।




ਇਸ ਮੌਕੇ ਮਹੇਸ਼ ਵਰਮਾ ਨੇ ਆਪਣੇ ਪ੍ਰਭਾਵਸ਼ਾਲੀ ਸੰਬੋਧਨ ਦੌਰਾਨ ਬੀ.ਐਸ.ਐਫ ਵੱਲੋਂ ਸਰਹੱਦੀ ਖੇਤਰ ਦੇ ਲੋਕਾਂ ਦੀ ਸਹੂਲਤ ਲਈ ਕੀਤੇ ਜਾ ਰਹੇ ਯਤਨਾਂ ਦੀ ਜਾਣਕਾਰੀ ਦਿੱਤੀ ਅਤੇ ਸਕੂਲ ਦੇ ਵਿਕਾਸ ਲਈ ਹਰ ਸੰਭਵ ਮਦਦ ਕਰਨ ਦਾ ਵਿਸ਼ਵਾਸ ਪ੍ਰਗਟਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਸਫਲਤਾ ਦਾ ਪਾਠ ਪੜ੍ਹਾਉਦਿਆ ਅਨੇਕਾ ਟਿਪਸ ਦਿੰਦਿਆਂ ਨਸ਼ੇ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਗੱਲ ਵੀ ਕੀਤੀ ਗਈ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਗਿੱਧਾ, ਗਰੁੱਪ ਡਾਂਸ, ਸੋਲੋ ਡਾਂਸ, ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਦੀ ਕੋਰੀਓਗ੍ਰਾਫੀ, ਗੀਤ ਅਤੇ ਕਵਿਤਾਵਾਂ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਰਾਹੀਂ ਸਰੋਤਿਆਂ ਦਾ ਖੂਬ ਮਨੋਰੰਜਨ ਕੀਤਾ। ਮੰਚ ਸੰਚਾਲਨ ਦੀ ਜਿੰਮੇਵਾਰੀ ਸਕੂਲ ਅਧਿਆਪਕਾ ਸਰੁਚੀ ਮਹਿਤਾ ਅਤੇ ਸੁਚੀ ਜੈਨ ਨੇ ਬਾਖੂਬੀ ਨਿਭਾਈ। ਇਸ ਮੌਕੇ ਕਰਮਜੀਤ ਸਿੰਘ ਸਰਪੰਚ, ਪ੍ਰਦੀਪ ਸਿੰਘ ਸਟੈਨੋ ਡੀ.ਪੀ.ਆਰ.ਓ, ਗੋਮਾ ਸਿੰਘ, ਗੁਰਨਾਮ ਸਿੰਘ ਚੇਅਰਮੈਨ, ਸਰਪੰਚ, ਪੰਚ ਅਤੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਵਿਸ਼ੇਸ਼ ਤੌਰ ਤੇ ਹਾਜਰ ਸਨ। ਇਸ ਮੌਕੇ ਨਵੇਂ ਵਿਦਿਅਕ ਸੈਸ਼ਨ ਲਈ ਦਾਖਲਾ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ ਅਤੇ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆਂ ਪਿੰਡ ਵਾਸੀਆਂ ਨੂੰ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਨ ਲਈ ਅਪੀਲ ਕੀਤੀ। ਸਮਾਗਮ ਨੂੰ ਸਫਲ ਬਣਾਉਣ ਵਿਚ ਸਕੂਲ ਸਟਾਫ ਤਜਿੰਦਰ ਸਿੰਘ ਲੈਕਚਰਾਰ, ਗੁਰਪ੍ਰੀਤ ਕੌਰ, ਬਲਵਿੰਦਰ ਕੌਰ, ਗੀਤਾ, ਸਮੁੱਚੀ ਮਹਿਤਾ, ਮਨਦੀਪ ਸਿੰਘ, ਸੰਦੀਪ ਕੁਮਾਰ, ਵਿਜੇ ਭਾਰਤੀ, ਸੂਚੀ ਜੈਨ, ਵਿਸ਼ਾਲ ਗੁਪਤਾ, ਪ੍ਰਵੀਨ ਬਾਲਾ, ਮਨਦੀਪ ਸਿੰਘ, ਅਰੁਣ ਕੁਮਾਰ ਸ਼ਰਮਾ, ਪ੍ਰਿਤਪਾਲ ਸਿੰਘ ਸਟੇਟ ਅਵਾਰਡੀ, ਬਲਜੀਤ ਕੌਰ, ਨੈਨਸੀ, ਅਮਰਜੀਤ ਕੌਰ, ਮਹਿਮਾ ਕਸ਼ਅਪ, ਨੇਹਾ ਕਾਮਰਾ ਨੇ ਵਿਸ਼ੇਸ਼ ਯੋਗਦਾਨ ਪਾਇਆ। ਸਮਾਗਮ ਦੇ ਅੰਤ ਵਿਚ ਸਕੂਲ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਆਏ ਮਹਿਮਾਨਾਂ ਨੂੰ ਯਾਦ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

# ਚੋਣਾਂ 'ਚ ਜਨਤਾ ਧਰਮ ਨਿਰਪੱਖ ਤੇ ਇਮਾਨਦਾਰ ਆਗੂਆਂ ਦੀ ਚੋਣ ਕਰਨ—ਫੈਡਰੇਸ਼ਨ ਮਹਿਤਾ



**ਫ਼ਿਰੋਜ਼ਪੁਰ, 29 ਮਾਰਚ (ਮਨੋਹਰ ਲਾਲ) :—** ਦੇਸ਼ ਵਿਚ ਅਗਾਮੀ ਲੋਕ ਸਭਾ ਚੋਣਾਂ ਵਿਚ ਜਨਤਾ ਕਿਸੇ ਧਰਮ ਨਿਰਪੱਖ ਅਤੇ ਇਮਾਨਦਾਰ ਵਿਅਕਤੀਆਂ ਦੀ ਚੋਣ ਕਰਕੇ ਇਕ ਸਾਫ ਸੁਥਰੇ ਵਿਅਕਤੀ ਨੂੰ ਦੇਸ਼ ਦਾ ਪ੍ਰਧਾਨ ਮੰਤਰੀ ਬਣਾਵੇ, ਜਿਸ ਨਾਲ ਪੂਰੇ ਭਾਰਤ ਦਾ ਨਾਮ ਦੁਨੀਆਂ ਵਿਚ ਰੋਸ਼ਨ ਹੋਵੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਖੇਤਰ ਦੀ ਜੁਝਾਰੂ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਆਗੂਆਂ ਨੇ ਅੱਜ ਪ੍ਰੈਸ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਸੁਖਦੇਵ ਸਿੰਘ ਲਾਡਾ ਤੇ ਸਾਥੀਆਂ ਨੇ ਕਿਹਾ ਕਿ ਫਿਰਕਾਪ੍ਰਸਤ ਆਗੂਆਂ ਦੇ ਸਤ੍ਹਾ ਵਿਚ ਆਉਣ ਨਾਲ ਸਾਰੇ ਦੇਸ਼ ਦੀ ਸਥਿਤੀ ਡਾਵਾਂਡੋਲ ਬਣੀ ਰਹਿੰਦੀ ਹੈ ਅਤੇ ਦੇਸ਼ ਤਰੱਕੀ ਨਹੀਂ ਕਰ ਸਕਦਾ, ਕਿਉਂਕਿ ਅਜਿਹੇ ਆਗੂ ਕਿਸੇ ਖਾਸ ਧਰਮ ਦੇ ਹੀ ਹੋ ਕੇ ਰਹਿ ਜਾਂਦੇ ਹਨ ਅਤੇ ਦੂਜੇ ਧਰਮਾਂ ਨੂੰ ਪੂਰਾ ਇਨਸਾਫ ਨਾ ਮਿਲਣ ਕਰਕੇ ਉਨ੍ਹਾਂ ਨੂੰ ਬੇਗਾਨਗੀ ਦਾ ਅਹਿਸਾਸ ਹੁੰਦਾ ਹੈ ਅਤੇ ਉਨ੍ਹਾਂ ਨੂੰ ਸਿਰਫ ਧਰਨਿਆਂ, ਮੁਜ਼ਾਹਰਿਆਂ ਦਾ ਹੀ ਸਹਾਰਾ ਲੈਣਾ ਪੈਂਦਾ ਹੈ, ਜਿਸ ਕਰਕੇ ਕੋਈ ਵੀ ਕੰਮ ਅਸਾਨੀ ਨਾਲ ਨਹੀਂ ਹੋ ਸਕਦਾ। ਭਾਈ ਜ਼ਸਪਾਲ ਸਿੰਘ ਅਤੇ ਸਾਥੀਆਂ ਨੇ ਅੱਗੇ ਕਿਹਾ ਕਿ ਜੇ ਦੇਸ਼ ਦੀ ਸਰਕਾਰ ਨਿਰਪੱਖ ਰੂਪ ਵਿਚ ਸਾਰੇ ਧਰਮਾਂ ਦਾ ਸਤਿਕਾਰ ਕਰੇ ਤਾਂ ਉਸ ਦੀ ਵਿਰੋਧਤਾ ਨਾ ਹੋਣ ਕਰਕੇ ਸਾਰੇ ਕੰਮ ਅਸਾਨੀ ਨਾਲ ਸਿਰੇ ਚੜ੍ਹ ਜਾਂਦੇ ਹਨ। ਆਗੂਆਂ ਨੇ ਅੱਗੇ ਕਿਹਾ ਕਿ ਸਾਰੇ ਦੇਸ਼ ਦਾ ਨਾਗਰਿਕਾਂ ਨੂੰ ਬਰਾਬਰ ਦਾ ਸਤਿਕਾਰ ਅਤੇ ਕਾਨੂੰਨ ਵੀ ਸਾਰਿਆਂ ਲਈ ਇਕ ਹੀ ਹੋਣਾ ਚਾਹੀਦਾ ਹੈ। ਅਖੀਰ ਵਿਚ ਉਕਤ ਆਗੂਆਂ ਨੇ ਦੇਸ਼ ਦੀ ਜਨਤਾ ਨੂੰ ਅਪੀਲ ਕੀਤੀ ਕਿ ਉਹ ਵੋਟ ਪਾਉਣ ਤੋਂ ਪਹਿਲਾਂ ਚੰਗੀ ਤਰ੍ਹਾਂ ਸੋਚ ਕੇ ਕਿਸੇ ਉੱਚੀ ਅਤੇ ਸੁੱਚੀ ਸੋਚ ਰੱਖਣ ਵਾਲੇ ਵਿਅਕਤੀ ਨੂੰ ਵੀ ਵੋਟ ਪਾਉਣ। ਇਸ ਸਮੇਂ ਭਾਈ ਜਸਪਾਲ ਸਿੰਘ ਤੇ ਸੁਖਦੇਵ ਸਿੰਘ ਲਾਡਾ ਤੋਂ ਇਲਾਵਾ ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸਿੱਧੂ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਨੰਦਾ, ਮਿਹਰ ਸਿੰਘ ਜੋਸਨ, ਰਣਜੀਤ ਸਿੰਘ ਬਬਲੂ, ਗੁਰਮੇਲ ਸਿੰਘ ਭੇਡੀਆ, ਜਗਦੇਵ ਸਿੰਘ ਲਾਡੀ, ਬਲਕਾਰ ਸਿੰਘ ਅਤੇ ਮੰਗਲ ਸਿੰਘ ਆਦਿ ਆਗੂ ਹਾਜ਼ਰ ਸਨ।

# ਪੰਥ ਦੀਆਂ ਬੇੜੀਆਂ ਵਿੱਚ ਬਹਿਣ ਵਾਲੇ ਪੰਥ ਪੰਥ ਕੂਕਨ ਲੱਗੇ—ਭੁੱਲਰ




ਫ਼ਿਰੋਜ਼ਪੁਰ, 29 ਮਾਰਚ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫ਼ਿਰੋਜ਼ਪੁਰ ਦੀ ਹੰਗਾਮੀ ਮੀਟਿੰਗ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਮੈਂਬਰ ਪਾਰਲੀਮੈਂਟ ਦੀਆਂ ਚੋਣਾਂ ਸਬੰਧੀ ਵਿਚਾਰ—ਵਟਾਂਦਰਾ ਕੀਤਾ ਗਿਆ। ਇਸ ਸਮੇਂ ਗੁਰਚਰਨ ਸਿੰਘ ਭੁੱਲਰ ਜ਼ਿਲਾ ਪ੍ਰਧਾਨ, ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ, ਜਤਿੰਦਰ ਸਿੰਘ ਥਿੰਦ ਪੀ.ਏ.ਸੀ ਮੈਂਬਰ, ਜਗਜੀਤ ਸਿੰਘ ਦਫਤਰ ਸਕੱਤਰ, ਭੁਪਿੰਦਰ ਸਿੰਘ ਭੁੱਲਰ ਪ੍ਰਧਾਨ ਫਿਰੋਜ਼ਪੁਰ ਸ਼ਹਿਰੀ ਨੇ ਕਿਹਾ ਕਿ ਜਿਨ੍ਹਾਂ ਪਾਰਟੀਆਂ ਦਾ ਭਾਜਪਾ ਨਾਲ ਪਿਛਲੇ ਲੰਮੇ ਅਰਸੇ ਤੋਂ ਨਹੁੰ—ਮਾਸ ਦਾ ਰਿਸ਼ਤਾ ਚਲਦਾ ਆ ਰਿਹਾ ਸੀ ਅਤੇ ਜਿੰਨਾਂ ਨੇ ਪੰਜਾਬ ਵਿੱਚ ਰਾਜਭਾਗ ਮਾਨਿਆ ਹੋਵੇ ਅਤੇ ਆਪਣੇ ਰਾਜ ਵਿੱਚ ਆਪਣੀ ਤਾਕਤ ਨਾਲ ਸਿੱਖੀ ਅਤੇ ਗੁਰੂ ਗ੍ਰੰਥ ਸਾਹਿਬ ਦੀ ਵਿਚਾਰਧਾਰਾ ਤੇ ਚੱਲਣ ਵਾਲੇ ਪੰਥਕ ਆਗੂਆਂ ਤੇ ਤਸ਼ਦਦ ਕੀਤਾ ਹੋਵੇ ਅਤੇ ਸਚਾਈ ਤੇ ਚੱਲਣ ਅਤੇ ਪੰਥ ਦੀ ਰਹਿਨੁਮਾਈ ਕਰਨ ਵਾਲਿਆਂ ਨੂੰ ਜੇਲਾਂ ਵਿਚ ਬਗੈਰ ਕਿਸੇ ਗੁਨਾਹ ਤੋਂ ਰੱਖਿਆ ਹੋਵੇ ਅਤੇ ਦਿੱਲੀ ਨਾਲ ਯਾਰੀਆਂ ਪੁਗਾ ਕੇ ਸਜਾ ਪੂਰੀ ਕਰ ਚੁੱਕੇ ਕੌਮੀ ਹੀਰਿਆਂ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਬਜਾਏ ਬਾਹਰਲੀਆਂ ਜੇਲਾਂ ਵਿੱਚ ਰਖਾਇਆ ਹੋਵੇ। ਆਗੂਆਂ ਨੇ ਕਿਹਾ ਕਿ ਜਿਨ੍ਹਾਂ ਨੇ ਆਰ.ਐਸ.ਐਸ ਦੇ ਥੱਲੇ ਲੱਗ ਕੇ ਪੰਥ ਦਾ ਘਾਣ ਕੀਤਾ ਹੋਵੇ, ਕੋਟਕਪੂਰੇ ਨਾਮ ਜਪਦੀਆਂ ਸੰਗਤਾਂ ਤੇ ਲਾਠੀਚਾਰਜ ਕਰਾਇਆ ਹੋਵੇ, ਦੋ ਸਿੱਖਾਂ ਨੂੰ ਸ਼ਹੀਦ ਕਰਵਾਇਆ ਹੋਵੇ, ਗੁਰੂ ਗ੍ਰੰਥ ਸਹਿਬ ਜੀ ਦੀ ਬੇਅਦਬੀ ਕਰਨ ਵਾਲਿਆ ਨੂੰ ਆਪਣੀ ਛਤਰ—ਛਾਇਆ ਹੇਠ ਰੱਖਿਆ ਹੋਵੇ, ਜਿਨ੍ਹਾਂ ਨੇ ਬੇਅਦਬੀ ਕਰਾਉਣ ਵਾਲਿਆਂ ਨੂੰ ਮੁਆਫੀ ਦੇ ਕੇ ਇਸ਼ਿਤਹਾਰਾਂ ਤੇ ਸੰਗਤ ਦੀ ਭੇਂਟ ਕੀਤੀ ਮਾਇਆ ਉਡਾਈ ਹੋਵੇ, ਜਦੋਂ ਹੁਣ ਬੀ.ਜੇ.ਪੀ ਨੇ ਪੂਜ ਕੇ ਸੁਟ ਦਿੱਤਾ ਹੋਵੇ ਤੇ ਹੁਣ ਪੰਥ ਨਾਲ ਗਦਾਰੀਆਂ ਕਰਨ ਵਾਲਿਆਂ ਨੂੰ ਪੰਥ ਯਾਦ ਆਵੇ ਅਤੇ ਨਾਲ ਕਹਿਣਾ ਪਵੇ ਕੇ ਅਸੀਂ ਅਸਲੀ ਪੰਥ ਹਾਂ ਫਿਰ ਤੁਸੀਂ ਵੇਖੋ ਇਨ੍ਹਾਂ ਲੋਕਾਂ ਦੀਆਂ ਲੂਬੜ ਚਾਲਾਂ ਨੂੰ ਕਿਵੇ ਗਿਰਗਿਟ ਵਾਂਗ ਰੰਗ ਬਦਲਦੇ ਹਨ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਵਿੱਚ ਆਰ.ਐਸ.ਐਸ ਦੀ ਦਖਲ—ਅੰਦਾਜ਼ੀ ਕਰਾਈ ਹੋਵੇ ਅਤੇ ਸੰਗਤਾਂ ਵੱਲੋਂ ਭੇਂਟ ਕੀਤੀ ਮਾਇਆ ਆਪਣੇ ਐਸ਼ੋ ਅਰਾਮ ਤੇ ਲਗਾਈ ਹੋਵੇ ਅੱਜ ਉਹ ਲੋਕ ਪੰਥ—ਪੰਥ ਕੂਕਨ ਲੱਗ ਜਾਣ ਤਾਂ ਪੰਥ ਦਾ ਵਾਲੀ ਵਾਰਸ ਕੌਣ। ਆਗੂਆਂ ਨੇ ਕਿਹਾ ਕਿ ਗੁਰੂ ਦੇ ਪਿਆਰਿਆਂ ਇਨ੍ਹਾਂ ਪੰਥ ਦੇ ਘਾਣ ਕਰਨ ਵਾਲਿਆਂ ਡੋਗਰਿਆਂ ਨੂੰ ਪਛਾਣੋ, ਆਪਣੇ ਸਜਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ, ਅਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਡਿਬਰੂਗੜ ਤੋਂ ਰਿਹਾਈ ਕਰਾਉਣ ਲਈ ਅਤੇ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਪੰਥਕ ਆਗੂਆਂ ਦਾ ਸਾਥ ਦਿਉ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਨਗਰ ਵਾੜਾ ਸ਼ੇਰ ਸਿੰਘ ਜਿਲਾ ਤਰਨ ਤਾਰਨ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਦੇ

# ਲੰਗਰ ਹਾਲ ਦਾ ਲੈਂਟਰ ਸੰਗਤਾਂ ਅਤੇ ਐਨ.ਆਰ.ਆਈ. ਵੀਰਾਂ ਵੱਲੋਂ ਪਾਇਆ ਗਿਆ
































**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਸਦਕਾ ਨਗਰ ਵਾੜਾ ਸ਼ੇਰ ਸਿੰਘ ਜ਼ਿਲ੍ਹਾ ਤਰਨ ਤਾਰਨ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਿਖੇ ਲੰਗਰ ਹਾਲ ਦਾ ਲੈਂਟਰ ਨਗਰ ਨਿਵਾਸੀ ਅਤੇ ਇਲਾਕੇ ਦੀਆਂ ਸੰਗਤਾਂ ਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਅਰਦਾਸ ਬੇਨਤੀ ਕਰਕੇ ਪਾਇਆ ਗਿਆ। ਨਗਰ ਦੀਆਂ ਸੰਗਤਾਂ ਵੱਲੋਂ ਤਨ ਮਨ ਧਨ ਨਾਲ ਸੇਵਾਵਾਂ ਨਿਭਾਈਆਂ ਗਈਆਂ। ਐਨ. ਆਰ. ਆਈ. ਵੀਰਾਂ ਨੇ ਬਹੁਤ ਵੱਡਾ ਸਹਿਯੋਗ ਦਿੱਤਾ। ਆਰੰਭਤਾ ਅਤੇ ਸਮਾਪਤੀ ਦੀ ਅਰਦਾਸ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਕੀਤੀ। ਬਾਬਾ ਸੱਜਣ ਸਿੰਘ ਜੀ ਨੇ ਬੋਲਦਿਆਂ ਦੱਸਿਆ ਕਿ ਜੋ ਕੁਝ ਸਮਾਂ ਪਹਿਲਾਂ ਬਾਬਾ ਉਜਾਗਰ ਸਿੰਘ ਜੀ ,ਬਾਬਾ ਨਿੰਦਰ ਸਿੰਘ ਜੀ, ਬਾਬਾ ਰਾਮ ਸਿੰਘ ਜੀ ਗੁਰਦੁਆਰਾ ਸਾਹਿਬ ਵਿਖੇ ਸੇਵਾਵਾਂ ਨਿਭਾਉਂਦੇ ਰਹੇ ਸਨ । ਜੋ ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ ਇਸ ਲੰਗਰ ਹਾਲ ਦਾ ਟੱਪ ਲਾ ਕੇ ਗਏ ਸਨ ਉਸ ਲੜੀ ਦੇ ਤਹਿਤ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਵਿਖੇ ਲੰਗਰ ਹਾਲ ਦਾ ਲੈਂਟਰ ਸੰਗਤਾਂ ਅਤੇ ਐਨ.ਆਰ.ਆਈ. ਵੀਰਾਂ ਵੱਲੋਂ ਪਾਇਆ ਜਾ ਰਿਹਾ ਹੈ। ਨਾਲ ਹੀ ਸਾਰੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ। ਇਸੇ ਤਰ੍ਹਾਂ ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਿਖੇ ਪਹੁੰਚੇ ਅਤੇ ਸਾਰੀਆਂ ਸੰਗਤਾਂ ਨੂੰ ਲੈਂਟਰ ਦੀਆਂ ਲੱਖ ਲੱਖ ਵਧਾਈਆਂ ਦਿੱਤੀਆਂ।ਬਾਬਾ ਸੱਜਣ ਸਿੰਘ ਜੀ ਅਤੇ ਬਾਬਾ ਜਰਨੈਲ ਸਿੰਘ ਜੀ ਵੱਲੋਂ ਸੰਗਤਾਂ ਦੀਆਂ ਅਰਦਾਸ ਬੇਨਤੀਆਂ ਕੀਤੀਆਂ ਗਈਆਂ। ਇਸ ਮੌਕੇ ਨਗਰ ਵਾੜਾ ਸ਼ੇਰ ਸਿੰਘ ਦੇ ਪੰਚ ਸਰਪੰਚ ਗ੍ਰਾਮ ਪੰਚਾਇਤ ,ਨੌਜਵਾਨ ਸਭਾ ਅਤੇ ਇਲਾਕਾ ਨਿਵਾਸੀ ਦੀਆਂ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



### ਹਰਿਆਣਾ ਵਿੱਚ 31 ਮਾਰਚ ਦੀ ਕਿਸਾਨ ਮਹਾਂਪੰਚਾਇਤ ਤੋਂ ਘਬਰਾਈ ਮੋਦੀ ਸਰਕਾਰ

# ਕਈ ਆਗੂ ਕੀਤੇ ਗ੍ਰਿਫਤਾਰ, ਛਾਪੇਮਾਰੀ ਜ਼ੋਰਾਂ ਤੇ, ਅੰਮ੍ਰਿਤਸਰ ਤੋਂ ਸ਼ੰਭੂ ਲਈ ਰਵਾਨਾ ਹੋਣਗੇ ਹਜ਼ਾਰਾਂ ਕਿਸਾਨ ਮਜਦੂਰ

**ਕਿਸਾਨ** ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਅਗਵਾਈ ਹੇਠ ਕਿਸਾਨ ਸੰਘਰਸ਼ 46 ਦਿਨ ਵਿੱਚ ਪੁਰਜ਼ੋਰ ਤਰੀਕੇ ਨਾਲ ਜਾਰੀ ਹੈ। ਕਿਸਾਨ ਮਜ਼ਦੂਰ ਮੋਰਚਾ ਦੇ ਕੋਆਰਡੀਨੇਟਰ ਅਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਰਵਣ ਸਿੰਘ ਪੰਧੇਰ ਨੇ ਜਾਣਕਾਰੀ ਦਿੱਤੀ ਕਿ ਹਰਿਆਣਾ ਵਿੱਚ ਜਾਰੀ ਸ਼ਹੀਦ ਸ਼ੁਭਕਰਨ ਸਿੰਘ ਦੀ ਕਲਸ਼ ਯਾਤਰਾ ਲੋਕਾਂ ਵੱਲੋਂ ਬਹੁਤ ਸਤਕਾਰ ਮਿਲ ਰਿਹਾ ਹੈ ਅਤੇ ਸੈਂਕੜੇ ਲੋਕ ਸ਼ਹੀਦ ਨੂੰ ਸ਼ਰਧਾਂਜਲੀ ਦੇਣ ਲਈ ਪਹੁੰਚ ਰਹੇ ਹਨ। ਓਹਨਾ ਦੱਸਿਆ ਕਿ 31 ਮਾਰਚ ਨੂੰ ਅੰਬਾਲਾ ਦੀ ਸ਼ਾਹਪੁਰ ਮੌੜ ਅਨਾਜ ਮੰਡੀ ਵਿਖੇ ਹੋਣ ਵਾਲੇ ਸ਼ਰਧਾਂਜਲੀ ਪ੍ਰੋਗਰਾਮ ਵਿੱਚ ਲੱਖਾਂ ਕਿਸਾਨ ਮਜਦੂਰ ਸ਼ਾਮਿਲ ਹੋਣ ਜਾ ਰਹੇ ਹਨ ਜਿਸ ਤੋਂ ਹਰਿਆਣਾ ਅਤੇ ਕੇਂਦਰ ਸਰਕਾਰ ਦੇ ਮੱਥੇ ਤੇ ਤਰੇਲੀਆਂ ਆਉਣੀਆਂ ਸ਼ੁਰੂ ਹੋ ਗਈਆਂ ਹਨ ਅਤੇ ਇਸਦੇ ਸਿੱਟੇ ਵੱਜੋਂ ਘਬਰਾਹਟ ਵਿੱਚ ਹਰਿਆਣਾ ਪੁਲਿਸ ਨੇ ਪੰਜਾਬ ਸਰਹੱਦ 'ਤੇ ਮੋਹਾਲੀ ਏਅਰਪੋਰਟ ਤੋਂ ਬੀ.ਕੇ.ਯੂ.(ਸ਼ਹੀਦ ਭਗਤ ਸਿੰਘ) ਦੇ ਕਿਸਾਨ ਨੌਜਵਾਨ ਆਗੂ ਨਵਦੀਪ ਸਿੰਘ ਜਲਬੇੜਾ ਅਤੇ ਗੁਰਕੀਰਤ ਸਿੰਘ ਪੁੱਤਰ ਜਸਵੀਰ ਸਿੰਘ ਪਿੰਡ ਸ਼ਾਹਪੁਰ ਜ਼ਿਲ੍ਹਾ ਅੰਬਾਲਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਓਹਨਾ ਕਿਹਾ ਕਿ ਕਿਸਾਨ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਪੁਲਿਸ ਵੱਲੋਂ 50 ਦੇ ਕਰੀਬ ਕਿਸਾਨ ਆਗੂਆਂ ਦੇ ਘਰਾਂ ਦੇ ਬਾਹਰ ਪੇਸ਼ ਹੋਣ ਦੇ ਨੋਟਿਸ ਚਿਪਕਾਏ ਜਾ ਚੁੱਕੇ ਹਨ। ਓਹਨਾ ਕਿਹਾ ਕਿ ਪੁਲੀਸ ਨੂੰ ਪਿੰਡਾਂ ਵਿੱਚ ਔਰਤਾਂ, ਬਜ਼ੁਰਗਾਂ ਅਤੇ ਨੌਜਵਾਨਾਂ ਨੇ ਇੱਕਜੁੱਟ ਹੋ ਕੇ ਪੁਲੀਸ ਨੂੰ ਪਿੰਡਾਂ ਵਿੱਚ ਵੜਨ ਤੋਂ ਰੋਕਣ ਦੀ ਜਾਣਕਾਰੀ ਹੈ । ਓਹਨਾ ਹਰਿਆਣਾ ਪੁਲੀਸ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਗ੍ਰਿਫ਼ਤਾਰ ਕੀਤੇ ਨੌਜਵਾਨਾਂ ਨੂੰ ਜਲਦੀ ਰਿਹਾਅ ਨਾ ਕੀਤਾ ਗਿਆ ਜਾਂ ਸ਼ਰਧਾਂਜਲੀ ਪ੍ਰੋਗਰਾਮ ਨੂੰ ਰੋਕਣ ਲਈ ਆਪਣੀਆਂ ਭੈੜੀਆਂ ਹਰਕਤਾਂ ਤੋਂ ਗੁਰੇਜ਼ ਨਾ ਕੀਤਾ ਤਾਂ ਜਥੇਬੰਦੀਆਂ ਤਿੱਖੇ ਐਕਸ਼ਨ ਦਾ ਐਲਾਨ ਕਰਨਗੀਆ ਅਤੇ ਜਿਸਦੇ ਸਿੱਟੇ ਵਜੋਂ ਆਮ ਜਨਤਾ ਨੂੰ ਆਉਣ ਵਾਲੀਆਂ ਮੁਸ਼ਿਕਲਾਂ ਦੀ ਜਿੰਮੇਵਾਰ ਹਰਿਆਣਾ ਤੇ ਕੇਂਦਰ ਸਰਕਾਰ ਹੋਵੇਗੀ। ਓਹਨਾ ਨੇ 31 ਮਾਰਚ ਨੂੰ ਸ਼ਰਧਾਂਜਲੀ ਸਮਾਗਮ ਦੌਰਾਨ ਲੋਕਾਂ ਨੂੰ ਜ਼ੋਰਦਾਰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਓਹਨਾ ਜਾਣਕਾਰੀ ਦਿੱਤੀ ਕਿ ਕੱਲ੍ਹ 30 ਮਾਰਚ ਨੂੰ ਜਥੇਬੰਦੀ ਦੇ ਪ੍ਰੋਗਰਾਮ ਤਹਿਤ ਜ਼ਿਲ੍ਹੇ ਅੰਮ੍ਰਿਤਸਰ ਵਿੱਚੋਂ ਹਜ਼ਾਰਾਂ ਕਿਸਾਨਾਂ ਮਜਦੂਰਾਂ ਦੇ ਜਥੇ ਅੰਮ੍ਰਿਤਸਰ ਰੇਲਵੇ ਸਟੇਸ਼ਨ ਅਤੇ ਟ੍ਰੈਕਟਰ ਟਰਾਲੀਆਂ ਦੇ ਕਾਫਲੇ ਬਿਆਸ ਪੁਲ ਤੋਂ ਸ਼ੰਭੂ ਬਾਰਡਰ ਮੋਰਚੇ ਵਿਚ ਸ਼ਮੂਲੀਅਤ ਕਰਨ ਲਈ ਰਵਾਨਾ ਹੋਣਗੇ। ਓਹਨਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀ ਬੋਰਡ ਦਾ 1961 ਦੇ ਐਕਟ ਵਿਚ ਸੋਧ ਕਰਕੇ 26 ਮਾਰਕੀਟ ਕਮੇਟੀਆਂ ਦਾ ਪ੍ਰਬੰਧ 9 ਨਿੱਜੀ ਸੈਲੋ ਗੋਦਾਮਾਂ ਨੂੰ ਦੇ ਦੇਣਾ ਅਤਿ ਨਿੰਦਣਯੋਗ ਕਦਮ ਹੈ ਅਤੇ ਅਗਰ ਸਰਕਾਰ ਇਸ ਕਦਮ ਨੂੰ ਵਾਪਸ ਨਹੀਂ ਲੈਂਦੀ ਤਾਂ ਜਥੇਬੰਦੀ ਇਸਤੇ ਤਿੱਖਾ ਐਕਸ਼ਨ ਪ੍ਰੋਗਰਾਮ ਤਹਿ ਕਰ ਕੇ ਸੰਘਰਸ਼ ਕਰੇਗੀ।




ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਵਿੱਚ 'ਆਪ' ਮੁਕਾਬਲੇ ਭਾਰਤੀ ਜਨਤਾ ਪਾਰਟੀ ਦਾ ਗ੍ਰਾਫ ਹੋਇਆ ਉੱਪਰ

# ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਦੇ ਜੇਤੂ ਉਮੀਦਵਾਰਾਂ ਤੇ ਭਾਜਪਾ ਦੀ ਅੱਖ





ਲੰਡਨ - ਸਰਬਜੀਤ ਸਿੰਘ ਬਨੂੜ - ਭਾਰਤ ਵਿੱਚ 18ਵੀਂ ਲੋਕ ਸਭਾ ਦੇ 543 ਮੈਂਬਰਾਂ ਦੀ ਚੋਣ ਦੇ ਐਲਾਨ ਤੋਂ ਬਾਦ ਸੱਤਾਧਾਰੀ ਧਿਰ ਵੱਲੋਂ ਮੁੜ ਸਰਕਾਰ ਬਣਾਉਣ ਲਈ 400 ਸੀਟਾਂ ਦੇ ਰਿਕਾਰਡ ਤੋੜ ਬਹੁਮਤ ਲਈ ਉੱਤਰੀ ਭਾਰਤ ਵਿੱਚ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਜੋੜ ਤੋੜ ਦਾ ਸਿਲਸਿਲਾ ਜਾਰੀ ਹੈ।

ਪੰਜਾਬ ਵਿੱਚ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਦੇ ਇਕਲੌਤੇ ਐਮ ਪੀ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਦ ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਦੇ ਜੇਤੂ ਉਮੀਦਵਾਰਾਂ ਤੇ ਭਾਜਪਾ ਦੀ ਅੱਖ ਹੋਣ ਕਾਰਨ ਲਗਾਤਾਰ ਮੀਟਿੰਗ ਦਾ ਸਿਲਸਿਲਾ ਜਾਰੀ ਹੋਣ ਦਾ ਸਮਾਚਾਰ ਹੈ।

ਭਾਵੇਂ ਪੰਜਾਬ ਵੱਲੋਂ ਕਾਲੇ ਕਿਸਾਨ ਕਾਨੂੰਨਾਂ ਦੇ ਵਾਪਸ ਲੈਣ ਲਈ ਚੱਲੇ ਅੰਦੋਲਨ ਦੀ ਮੇਜ਼ਬਾਨੀ ਕਰਨ ਤੋਂ ਬਾਦ ਵੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਿਸਾਨ ਆਗੂਆਂ ਦੀ ਸਰਮਨਾਕ ਹਾਰ ਤੇ ਜ਼ਮਾਨਤਾਂ ਜ਼ਬਤ ਹੋਣ ਕਾਰਨ ਭਾਜਪਾ ਮੁੜ ਪੰਜਾਬ ਵਿੱਚ ਸਰਗਰਮ ਹੋ ਪੰਜਾਬ ਵਿੱਚ ਮਜ਼ਬੂਤ 13-13 ਉਮੀਦਵਾਰਾਂ ਦੀ ਭਾਲ ਵਿੱਚ ਰੁੱਝੀ ਹੋਈ ਹੈ। ਪੇਂਡੂ ਵੋਟਰਾਂ ਦੇ ਵੱਡੇ ਡਰ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਭਾਜਪਾ ਨਾਲ ਹੋ ਰਹੇ ਸਮਝੌਤੇ ਨੂੰ ਬਰੈਕ ਲਾ ਦੋਵੇਂ ਪਾਰਟੀਆਂ ਨੇ ਇਕੱਲਿਆਂ ਚੋਣ ਲੜਨ ਦੇ ਐਲਾਨ ਕਾਰਨ ਅਕਾਲੀ ਦਲ ਦੇ ਉਮੀਦਵਾਰਾਂ ਦੇ ਚੇਹਰੇ ਮੁਰਝਾ ਗਏ ਹਨ। ਲੁਧਿਆਣਾ ਤੋਂ ਕਾਂਗਰਸ ਦੇ ਐਮ ਪੀ ਰਵਨੀਤ ਸਿੰਘ ਬਿੱਟੂ, ਪਟਿਆਲਾ ਤੋਂ ਸਾਬਕਾ ਵਿਦੇਸ਼ ਮੰਤਰੀ ਤੇ ਐਮ ਪੀ ਮਹਾਰਾਣੀ ਪਰਨੀਤ ਕੋਰ, ਆਪ ਦੇ ਐਮ ਪੀ ਰਿੰਕੂ, ਵੱਲੋਂ ਭਾਜਪਾ ਵਿੱਚ ਸ਼ਾਮਲ ਹੋਣ ਦੇ ਐਲਾਨ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਐਮ ਪੀ ਤੇ ਆਮ ਆਦਮੀ ਪਾਰਟੀ ਦੇ ਆਗੂ ਵੀ ਭਾਜਪਾ ਦੀ ਚੜਤ ਵੇਖ ਪਾਰਟੀ ਵਿੱਚ ਸ਼ਾਮਲ ਹੋ ਟਿਕਟ ਲੈਣ ਨੂੰ ਕਾਹਲ਼ੇ ਲੱਗ ਰਹੇ ਹਨ।

ਪੰਜਾਬ ਵਿੱਚ ਇਹ ਚੋਣਾਂ 1 ਜੂਨ ਨੂੰ ਹੋਣ ਕਾਰਨ ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਇਕੱਠਿਆ ਚੋਣ ਲੜਨ ਦੇ ਚਾਹਵਾਨ ਅਜੇ ਵੀ ਸਮਝੌਤਾ ਹੋਣ ਦੀਆਂ ਸੰਭਾਵਨਾਵਾਂ ਤੋਂ ਇਨਕਾਰ ਨਹੀਂ ਕਰ ਰਹੇ। ਭਾਰਤ ਵਿੱਚ ਲੋਕ ਸਭਾ ਚੋਣਾਂ ਸੱਤ ਪੜਾਵਾਂ ਵਿੱਚ ਹੋਣਗੀਆਂ ਅਤੇ ਨਤੀਜੇ 4 ਜੂਨ 2024 ਨੂੰ ਘੋਸ਼ਿਤ ਕੀਤੇ ਜਾਣਗੇ। ਇਹ 2019 ਦੀਆਂ ਭਾਰਤੀ ਆਮ ਚੋਣਾਂ ਨੂੰ ਪਛਾੜਦੇ ਹੋਏ, ਦੁਨੀਆ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਚੋਣ ਹੋਵੇਗੀ, ਅਤੇ ਭਾਰਤ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਚੱਲਣ ਵਾਲੀਆਂ ਆਮ ਚੋਣਾਂ ਹੋਣਗੀਆਂ। ਮੌਜੂਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲਗਾਤਾਰ ਤੀਜੀ ਵਾਰ ਚੋਣ ਲੜ ਕੇ ਮੁੜ ਤੋਂ ਪ੍ਰਧਾਨ ਮੰਤਰੀ ਬਣਨ ਲਈ ਦਾਅਵਾ ਕਰ ਰਹੇ ਹਨ ਤੇ ਵਿਰੋਧੀ ਧਿਰ ਅਜੇ ਵੀ ਉਮੀਦਵਾਰਾਂ ਦੀ ਚੋਣ ਕਰਨ ਵਿੱਚ ਰੁੱਝੀ ਹੈ। ਜਲੰਧਰ ਤੋਂ ਰਿੰਕੂ ਦੇ ਆਪ ਦੀ ਟਿਕਟ ਮਿਲਣ ਤੋਂ ਬਾਦ ਭਾਜਪਾ ਵਿੱਚ ਜਾਣ ਕਾਰਨ ਖੇਤਰੀ ਪਾਰਟੀਆਂ ਆਪਣੇ ਨਵੇਂ ਪੱਤੇ ਖੋਲਣ ਤੋਂ ਡਰ ਰਹੀਆਂ ਹਨ ਜਿਸ ਕਾਰਨ ਸੱਤਾ ਧਾਰੀ ਧਿਰ ਆਮ ਆਦਮੀ ਪਾਰਟੀ ਸਮੇਤ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਉਮੀਦਵਾਰਾਂ ਦੇ ਐਲਾਨ ਨਾ ਕਰਨ ਕਾਰਨ ਪਾਰਟੀਆਂ ਦਾ ਗ੍ਰਾਫ ਦਿਨ ਬ ਦਿਨ ਹੇਠਾਂ ਡਿੱਗਦਾ ਨਜ਼ਰ ਆ ਰਿਹਾ ਹੈ ਤੇ ਪੰਜਾਬ ਦੀਆਂ 13 ਸੀਟਾਂ ਲਈ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਦੀ ਲਿਸਟ ਲੰਬੀ ਹੋਣ ਕਾਰਨ ਟਕਸਾਲੀ ਆਗੂਆਂ ਨੂੰ ਟਿਕਟਾਂ ਨਾ ਮਿਲਣ ਕਾਰਨ ਪਾਰਟੀਆਂ ਨੂੰ ਅੰਦਰੂਨੀ ਨਰਾਜ਼ਗੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਸਮਾਗਮ




ਫ਼ਿਰੋਜ਼ਪੁਰ, 29 ਮਾਰਚ (ਮਨੋਹਰ ਲਾਲ) :— ਫ਼ਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਜਮਾਤ ਫਾਊਂਡੇਸ਼ਨ—3 ਤੋਂ ਪਹਿਲੀ ਜਮਾਤ ਤੱਕ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਲਈ ਸਕੂਲ ਵਿੱਚ ਗਰੈਜੂਏਸ਼ਨ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਡਾ: ਹੀਰਾ ਲਾਲ ਸ਼ਰਮਾ ਨੇ ਸ਼ਮਾ ਰੌਸ਼ਨ ਕਰਕੇ ਕੀਤੀ। ਇਸ ਦੌਰਾਨ ਬੱਚਿਆਂ ਵੱਲੋਂ ਡਾਂਸ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਨੇ ਸਾਰਿਆਂ ਦਾ ਮਨ ਮੋਹ ਲਿਆ। ਫਾਊਂਡੇਸ਼ਨ—3 ਦੇ ਵਿਦਿਆਰਥੀਆਂ ਨੇ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਧੰਨਵਾਦ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਪ੍ਰੀਖਿਆ ਵਿਚ ਟਾਪ ਕਰਨ ਵਾਲੇ ਬਚਿਆਂ ਨੂੰ ਟਰਾਫੀਆਂ, ਮੈਡਲ ਅਤੇ ਸਰਟੀਫਿਕੇਟ ਦੇ ਕੇ ਨਿਵਾਜਿਆ ਗਿਆ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਪਹਿਲੀ ਜਮਾਤ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਮਨੋਬਲ ਨੂੰ ਉਤਸ਼ਾਹਿਤ ਕਰਨ ਅਤੇ ਹੁਲਾਰਾ ਦੇਣ ਲਈ ਅਜਿਹੇ ਪ੍ਰੋਗਰਾਮ ਕਰਵਾਉਣ ਲਈ ਹਮੇਸ਼ਾ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਐਸ.ਪੀ ਸਮੇਤ ਫ਼ਿਰੋਜ਼ਪੁਰ ਦੀ ਪੁਲਿਸ ਸੁਸਤ

ਫ਼ਿਰੋਜ਼ਪੁਰ, 29 ਮਾਰਚ (ਮਨੋਹਰ ਲਾਲ) :— ਸ਼ਿਵ ਸੈਨਾ ਬਾਲਾ ਸਾਹਿਬ ਠਾਕਰੇ ਪਾਰਟੀ ਦੇ ਪੰਜਾਬ ਮੀਤ ਪ੍ਰਧਾਨ ਮਿੰਕੂ ਚੌਧਰੀ ਨੇ ਫਿਰੋਜ਼ਪੁਰ ਕੈਂਟ ਦੇ ਸੰਤ ਲਾਲ ਰੋਡ ਤੇ ਇੱਕ ਬਜ਼ੁਰਗ ਮਹਿਲਾ ਦੀ ਲੁੱਟ ਖੋਹ ਦੌਰਾਨ ਹੋਈ ਦੁਰਘਟਨਾ ਦਾ ਦੁੱਖ ਪ੍ਰਗਟ ਕਰਦੇ ਹੋਏ ਆਖਿਆ ਕੀ ਫਿਰੋਜਪੁਰ ਵਿੱਚ ਜੰਗਲ ਰਾਜ ਚੱਲ ਰਿਹਾ ਹੈ, ਫਿਰੋਜਪੁਰ ਵਿੱਚ ਕਾਨੂੰਨ ਨਾਮ ਦੀ ਕੋਈ ਚੀਜ਼ ਨਹੀਂ ਹੈ, ਕਿਸੇ ਵੀ ਚੋਰ—ਲੁਟੇਰੇ ਨੂੰ ਪੁਲਿਸ ਦਾ ਕੋਈ ਵੀ ਡਰ ਨਹੀਂ ਰਿਹਾ ਹੈ। ਮੀਤ ਪ੍ਰਧਾਨ ਪੰਜਾਬ ਮਿੰਕੂ ਚੌਧਰੀ ਨੇ ਕਿਹਾ ਕਿ ਚੋਰ ਅਤੇ ਲੁਟੇਰੇ ਪੂਰੇ ਜੋਰਾਂ ਤੇ ਚੋਰੀ ਅਤੇ ਲੁੱਟਾਂ—ਖੋਹਾਂ ਦੀਆਂ ਵਾਰਦਾਤਾਂ ਨੂੰ ਇਲਜ਼ਾਮ ਦੇ ਰਹੇ ਹਨ। ਇਸ ਮੌਕੇ ਤੇ ਮਿੰਕੂ ਚੌਧਰੀ ਨੇ ਆਖਿਆ ਕੀ ਫ਼ਿਰੋਜ਼ਪੁਰ ਦੀ ਗਲੀ—ਮਹੱਲੇ ਅਤੇ ਪਿੰਡਾਂ ਵਿੱਚ ਸ਼ਰੇਆਮ ਚਿੱਟੇ ਦਾ ਨਸ਼ਾ ਅਤੇ ਮੈਡੀਕਲ ਨਸ਼ੀਲੀਆਂ ਗੋਲੀਆਂ ਵਿਕ ਰਹੀਆਂ ਹਨ ਅਤੇ ਫ਼ਿਰੋਜ਼ਪੁਰ ਦੀ ਐਸ.ਐਸ.ਪੀ ਅਤੇ ਪੁਲਿਸ ਚੁੱਪ—ਚਾਪ ਬੈਠ ਕੇ ਤਮਾਸ਼ਾ ਦੇਖ ਰਹੇ ਹਨ, ਜਿਸ ਕਰਕੇ ਫ਼ਿਰੋਜ਼ਪੁਰ ਦੀ ਜਨਤਾ ਦੇ ਮਨ ਵਿੱਚ ਪੁਲਿਸ ਪ੍ਰਤੀ ਗੁੱਸੇ ਦੀ ਲਹਿਰ ਹੈ। ਇਸ ਮੌਕੇ ਤੇ ਮਿੰਕੂ ਚੌਧਰੀ ਨੇ ਆਖਿਆ ਕੀ ਸੋਸ਼ਲ ਮੀਡੀਆ ਤੇ ਪੰਜਾਬ ਪੁਲਿਸ ਆਪਣੇ—ਆਪ ਨੂੰ ਹਾਈ ਅਲਰਟ ਤੇ ਦਸਦੀ ਹੈ, ਪਰ ਦੂਸਰੇ ਪਾਸੇ ਗਰਾਊਂਡ ਤੇ ਇਹ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ, ਜਿਸ ਕਰਕੇ ਮਿੰਕੂ ਚੌਧਰੀ ਨੇ ਸਖਤ ਲਫਜ਼ਾਂ ਵਿਚ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਨੂੰ ਆਖਿਆ ਕਿ ਜੇਕਰ ਚੋਰਾਂ ਅਤੇ ਲੁਟੇਰਿਆਂ ਨੂੰ ਦੋ ਦਿਨਾਂ ਦੇ ਅੰਦਰ ਫੜ ਕੇ ਜੇਲਾਂ ਦੇ ਅੰਦਰ ਨਾ ਸੁੱਟਿਆ ਤਾਂ ਸ਼ਿਵ ਸੈਨਾ ਪੂਰੇ ਫਿਰੋਜ਼ਪੁਰ ਦੀ ਜਨਤਾ ਨੂੰ ਨਾਲ ਲੈ ਕੇ ਐਸ.ਐਸ.ਪੀ ਦਫਤਰ ਫਿਰੋਜ਼ਪੁਰ ਦਾ ਘਰਾਵ ਕਰੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

# ਕਰਤਾਰਪੁਰ 'ਚ ਲੋਕ ਸਭਾ ਚੋਣਾਂ ਸਬੰਧੀ ਪੁਲਿਸ ਵਲੋਂ ਫਲੈਗ ਮਾਰਚ ਕਢਿਆ ਗਿਆ



**ਕਰਤਾਰਪੁਰ 29ਮਾਰਚ ( ਆਵਾਜ਼ਿ ਕੌਮ ਬਿਊਰੋ )**-ਅੱਜ ਕਰਤਾਰਪੁਰ ਵਿਖੇ ਲੋਕ ਸਭਾ ਚੋਣਾਂ 2024 ਦੇ ਮੱਦੇ ਨਜ਼ਰ ਐਸਡੀਐਮ ਬਲਬੀਰ ਰਾਜ ਸਿੰਘ ਅਤੇ ਡੀਐਸਪੀ ਕਰਤਾਰਪੁਰ ਦੀ ਅਗਵਾਈ ਵਿੱਚ ਪੁਲਿਸ ਵਲੋ ਫਲੈਗ ਮਾਰਚ ਕੱਢਿਆ ਗਿਆ, ਇਹ ਫਲੈਗ ਮਾਰਚ ਕਰਤਾਰਪੁਰ ਪੁਲਿਸ ਸਟੇਸ਼ਨ ਤੋਂ ਸ਼ੁਰੂ ਹੋ ਕੇ ਕਰਤਾਰਪੁਰ ਬੱਸ ਸਟੈਂਡ ਚੋਂਕ, ਫਰਨੀਚਰ ਬਾਜ਼ਾਰ, ਕਮੇਟੀ ਬਾਜ਼ਾਰ ਤੋਂ ਹੁੰਦਾ ਹੋਇਆ ਨਸੀਬ ਚੰਦ ਚੌਂਕ, ਮੇਨ ਬਾਜ਼ਾਰ, ਆਰੀਆ ਬਾਜ਼ਾਰ ਤੇ ਬਾਰਾਦਰੀ ਬਾਜ਼ਾਰ ਹੁੰਦਾ ਹੋਇਆ ਪੁਲਿਸ ਸਟੇਸ਼ਨ ਕਰਤਾਰਪੁਰ ਵਿਖੇ ਜਾ ਕੇ ਸਮਾਪਤ ਹੋਇਆ ਇਸ ਵਿੱਚ ਐਸਐਚਓ ਕਰਤਾਰਪੁਰ, ਐਸਐਚ ਓ ਥਾਣਾ ਮਕਸੂਦਾਂ ਅਤੇ ਐਸਐਚਓ ਲਾਂਬੜਾ ਦੇ ਵੱਲੋਂ ਵੀ ਸ਼ਿਰਕਤ ਕੀਤੀ ਗਈ ।ਇਸ ਮੌਕੇ ਤੇ ਸੈਕਟਰ ਅਫਸਰ ਅਨਿਲ ਕੁਮਾਰ, ਸੈਕਟਰ ਅਫਸਰ ਤ੍ਰਿਪਤ ਕੁਮਾਰ ਅਤੇ ਨਾਇਬ ਤਹਿਸੀਲਦਾਰ ਅਮਰਜੀਤ ਵੀ ਹਾਜ਼ਰ ਸਨ। ਇਸ ਮੌਕੇ ਤੇ ਐਸਡੀਐਮ ਬਲਬੀਰ ਰਾਜ ਸਿੰਘ ਨੇ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕੀ ਸ਼ਹਿਰ ਵਿੱਚ ਇਹਨਾਂ ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਸ਼ਾਂਤੀ ਭੰਗ ਕਰਨ ਦੀ ਕਿਸੇ ਨੂੰ ਵੀ ਆਜ਼ਾਦੀ ਨਹੀਂ ਹੋਵੇਗੀ। ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ। ਨਾਲ ਹੀ ਉਨਾਂ ਨੇ ਸਾਰੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਚੋਣਾਂ ਵਿੱਚ ਨਿਡਰ ਹੋ ਕੇ ਅਤੇ ਵੱਧ ਚੜ੍ਹਕੇ ਹਿੱਸਾ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV